ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 25 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੧੦ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਅਜੇ ਨਹੀਂ ਖੁੱਲ੍ਹੇਗਾ ਸ਼ੰਭੂ ਬਾਰਡਰ...!

**ਚੰਡੀਗੜ੍ਹ, 24 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਹਰਿਆਣਾ ਦਾ ਸ਼ੰਭੂ ਬਾਰਡਰ ਅਜੇ ਨਹੀਂ ਖੁੱਲ੍ਹੇਗਾ। ਕਿਸਾਨ ਅੰਦੋਲਨ ਕਾਰਨ ਹਰਿਆਣਾ ਸਰਕਾਰ ਨੇ ਸ਼ੰਭੂ ਬਾਰਡਰ ਨੂੰ 5 ਮਹੀਨਿਆਂ ਤੋਂ ਬੈਰੀਕੇਡ ਲਾ ਕੇ ਬੰਦ ਕੀਤਾ ਹੋਇਆ ਹੈ। ਇਸ ਲਈ ਦਿੱਲੀ ਜਾਣ ਲਈ ਪੰਜਾਬ ਤੋਂ ਚੱਲੇ ਕਿਸਾਨ 13 ਫਰਵਰੀ ਤੋਂ ਇੱਥੇ ਡੇਰੇ ਲਾ ਕੇ ਬੈਠੇ ਹੋਏ ਹਨ। ਪੰਜਾਬ ਤੇ ਹਰਿਆਣਾ ਹਾਈਕੋਰਟ ਨੇ 10 ਜੁਲਾਈ ਨੂੰ ਸ਼ੰਭੂ ਬਾਰਡਰ ਇੱਕ ਹਫ਼ਤੇ ਦੇ ਅੰਦਰ ਖੋਲ੍ਹਣ ਦਾ ਹੁਕਮ ਦਿੱਤਾ ਸੀ। ਹਰਿਆਣਾ ਸਰਕਾਰ ਨੇ ਹਾਈ ਕੋਰਟ ਦੇ ਹੁਕਮਾਂ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਸੀ। ਅੱਜ ਸੁਪਰੀਮ ਕੋਰਟ ਵਿੱਚ ਜਸਟਿਸ ਸੂਰਿਆ ਕਾਂਤ ਤੇ ਜਸਟਿਸ ਉਜਲ ਭੂਈਆਂ ਦੀ ਬੈਂਚ ਨੇ ਇਸ ਮਾਮਲੇ ਦੀ ਸੁਣਵਾਈ ਕੀਤੀ। ਅਦਾਲਤ ਨੇ ਬੁੱਧਵਾਰ (24 ਜੁਲਾਈ) ਨੂੰ ਕਿਹਾ, 'ਸ਼ੰਭੂ ਸਰਹੱਦ 'ਤੇ ਸਥਿਤੀ ਜਿਉਂ ਦੀ ਤਿਉਂ ਬਣਾਈ ਰੱਖੀ ਜਾਵੇ।' ਸੁਪਰੀਮ ਕੋਰਟ ਨੇ ਕਿਹਾ ਕਿ ਸੁਤੰਤਰ ਕਮੇਟੀ ਦੇ ਗਠਨ ਦਾ ਪ੍ਰਸਤਾਵ ਦਿੰਦੇ ਹਨ। ਸੁਪਰੀਮ ਕੋਰਟ ਨੇ ਕਿਹਾ ਕਿ ਇਸ ਕਮੇਟੀ ਵਿੱਚ ਉੱਘੀਆਂ ਸ਼ਖ਼ਸੀਅਤਾਂ ਸ਼ਾਮਲ ਕੀਤੀਆਂ ਜਾਣ। ਇਹ ਕਿਸਾਨਾਂ ਤੇ ਸਰਕਾਰਾਂ ਨਾਲ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਮੰਗਾਂ ਦਾ ਸਾਰਥਿਕ ਹੱਲ ਲੱਭੇ ਜੋ ਸਾਰਿਆਂ ਨੂੰ ਪ੍ਰਵਾਨ ਹੋਵੇ। ਸੁਪਰੀਮ ਕੋਰਟ ਨੇ ਪੰਜਾਬ ਤੇ ਹਰਿਆਣਾ ਸਰਕਾਰਾਂ ਨੂੰ ਇੱਕ ਹਫ਼ਤੇ ਦੇ ਅੰਦਰ ਸੁੰਤਤਰ ਕਮੇਟੀ ਲਈ ਮੈਂਬਰਾਂ ਦੇ ਨਾਮ ਸੁਝਾਉਣ ਲਈ ਕਿਹਾ ਹੈ। ਦਰਅਸਲ 10 ਜੁਲਾਈ ਨੂੰ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਹਰਿਆਣਾ ਸਰਕਾਰ ਨੂੰ ਕਿਹਾ ਸੀ ਕਿ ਉਹ ਇੱਕ ਹਫ਼ਤੇ ਦੇ ਅੰਦਰ ਬਾਰਡਰ ਤੋਂ ਬੈਰੀਕੇਡ ਹਟਾਉਣ ਤਾਂ ਜੋ ਲੋਕਾਂ ਨੂੰ ਆਉਣ-ਜਾਣ ਵਿੱਚ ਕੋਈ ਦਿੱਕਤ ਨਾ ਆਵੇ।

## ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਏ ਸੁਖਬੀਰ ਸਿੰਘ ਬਾਦਲ

# ਜਥੇਦਾਰ ਸਾਹਿਬ ਨੂੰ ਸੌਂਪਿਆ ਸੀਲਬੰਦ ਲਿਫਾਫਾ

**ਅੰਮ੍ਰਿਤਸਰ, 24 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਅੱਜ ਬੁੱਧਵਾਰ ਨੂੰ ਹਰਿਮੰਦਰ ਸਾਹਿਬ ਦੀ ਹਦੂਦ ਅੰਦਰ ਸਥਿਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਏ। ਇੱਥੇ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਅਕਾਲੀ ਦਲ ਦੇ ਬਾਗੀ ਧੜੇ ਵੱਲੋਂ ਲਾਏ ਦੋਸ਼ਾਂ ਬਾਰੇ ਬੰਦ ਲਿਫ਼ਾਫ਼ੇ ਵਿੱਚ ਜਵਾਬ ਸੌਂਪਿਆ। ਉਹ ਕਰੀਬ 12 ਮਿੰਟ ਤੱਕ ਅੰਦਰ ਰਹੇ। ਇਸ ਤੋਂ ਬਾਅਦ ਉਹ ਬਾਹਰ ਆ ਕੇ ਸਿੱਧਾ ਕਾਰ 'ਚ ਬੈਠ ਗਏ। ਉਨ੍ਹਾਂ ਮੀਡੀਆ ਨਾਲ ਗੱਲ ਨਹੀਂ ਕੀਤੀ। ਇਸ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਰਘਬੀਰ ਸਿੰਘ ਨੇ ਕਿਹਾ ਕਿ ਸੁਖਬੀਰ



ਬਾਦਲ ਵੱਲੋਂ ਦਿੱਤਾ ਗਿਆ ਸਪੱਸ਼ਟੀਕਰਨ ਪੰਜ ਸਿੰਘ ਸਾਹਿਬਾਨ ਦੀ ਮੀਟਿੰਗ ਵਿੱਚ ਖੋਲ੍ਹ ਕੇ ਪੜ੍ਹਿਆ ਜਾਵੇਗਾ। ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਨੇ ਵੀ ਜਥੇਦਾਰ ਨੂੰ ਆਪਣਾ ਸਪੱਸ਼ਟੀਕਰਨ ਸੌਂਪਿਆ ਹੈ। ਦਰਅਸਲ ਅਕਾਲੀ ਦਲ ਦੇ ਸੀਨੀਅਰ ਆਗੂ ਪ੍ਰੇਮ ਸਿੰਘ ਚੰਦੂਮਾਜਰਾ ਦੀ ਅਗਵਾਈ ਹੇਠ ਬਾਗੀ ਧੜਾ 1 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਪੁੱਜਿਆ ਸੀ। ਇੱਥੇ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਮੁਆਫ਼ੀ ਪੱਤਰ ਸੌਂਪਿਆ ਸੀ। ਇਸ ਮੁਆਫ਼ੀਨਾਮੇ ਵਿੱਚ ਬਾਗੀ ਧੜੇ ਨੇ ਅਕਾਲੀ ਦਲ ਦੇ ਕਾਰਜਕਾਲ ਦੌਰਾਨ ਹੋਈਆਂ ਗ.ਲਤੀਆਂ ਦਾ ਸਮਰਥਨ ਕਰਨ ਲਈ ਮੁਆਫ਼ੀ ਮੰਗੀ ਸੀ ਤੇ ਦੋਸ਼ ਲਾਇਆ ਸੀ ਕਿ ਸੁਖਬੀਰ ਬਾਦਲ ਨੇ ਸੱਤਾ ਦਾ ਆਨੰਦ ਮਾਣਦਿਆਂ ਆਪਣੇ ਪ੍ਰਭਾਵ ਤੇ ਸ਼ਕਤੀਆਂ ਦੀ ਦੁਰਵਰਤੋਂ ਕੀਤੀ ਸੀ। ਇਸ ਵਿੱਚ ਡੇਰਾ ਸਿਰਸਾ ਮੁਖੀ ਰਾਮ ਰਹੀਮ ਨੂੰ ਮੁਆਫ਼ੀ ਦੇਣਾ ਵੀ ਸ਼ਾਮਲ ਸੀ। ਇਸ ਤੋਂ ਬਾਅਦ 15 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਬੁਲਾਈ ਗਈ ਪੰਜ ਤਖ਼ਤਾਂ ਦੇ ਜਥੇਦਾਰਾਂ ਦੀ ਮੀਟਿੰਗ ਵਿੱਚ ਸੁਖਬੀਰ ਬਾਦਲ ਨੂੰ 15 ਦਿਨਾਂ ਦੇ ਅੰਦਰ ਪੇਸ਼ ਹੋਣ ਲਈ ਸੰਮਨ ਜਾਰੀ ਕੀਤੇ ਗਏ ਸਨ। ਬੀਤੇ ਦਿਨ ਹੀ ਉਨ੍ਹਾਂ ਅਕਾਲੀ ਦਲ ਦੀ ਕੋਰ ਕਮੇਟੀ ਭੰਗ ਕਰ ਦਿੱਤੀ ਸੀ ਜਿਸ ਵਿੱਚ ਬਾਗੀ ਧੜੇ ਦੇ ਆਗੂ ਵੀ ਸ਼ਾਮਲ ਹਨ।

## ਪਠਾਨਕੋਟ 'ਚ ਦਿਖਾਈ ਦਿੱਤੇ 7 ਸ਼ੱਕੀ, ਔਰਤ ਤੋਂ ਮੰਗਿਆ ਪਾਣੀ ਤੇ ਜੰਗਲ 'ਚ ਹੋਏ ਗਾਇਬ, ਸਕੈੱਚ ਜਾਰੀ

**ਪਠਾਨਕੋਟ, 24 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜੰਮੂ ਖੇਤਰ 'ਚ ਅੱਤਵਾਦੀ ਘਟਨਾਵਾਂ ਵਧਣ ਤੋਂ ਬਾਅਦ ਸੁਰੱਖਿਆ ਏਜੰਸੀਆਂ ਅਲਰਟ 'ਤੇ ਹਨ। ਅੱਤਵਾਦੀਆਂ ਦੀ ਭਾਲ ਲਈ ਸਰਚ ਆਪਰੇਸ਼ਨ ਚਲਾਇਆ ਜਾ ਰਿਹਾ ਹੈ। ਪਰ ਇਸੇ ਦੌਰਾਨ ਪਠਾਨਕੋਟ ਤੋਂ ਇੱਕ ਮਹਿਲਾ ਨੇ 7 ਸ਼ੱਕੀ ਵਿਅਕਤੀਆਂ ਨੂੰ ਦੇਖਿਆ ਹੈ। ਇਸ ਦੀ ਜਾਣਕਾਰੀ ਪੁਲਸ ਨੂੰ ਦਿੱਤੀ ਗਈ ਹੈ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਪਿੰਡ ਵਾਸੀਆਂ ਨੇ ਇਲਾਕੇ ਵਿੱਚ ਸ਼ੱਕੀ ਵਿਅਕਤੀਆਂ ਨੂੰ ਦੇਖਿਆ ਹੋਵੇ। ਇਸ ਤੋਂ ਪਹਿਲਾਂ ਜੰਮੂ ਅਤੇ ਪਠਾਨਕੋਟ ਦੇ ਕਈ ਇਲਾਕਿਆਂ 'ਚ ਵੀ ਸ਼ੱਕੀਆਂ ਦੀ ਹਲਚਲ ਦੇਖਣ ਨੂੰ ਮਿਲੀ ਸੀ। ਤਾਜ਼ਾ ਮਾਮਲਾ ਪਠਾਨਕੋਟ ਦੇ ਪਿੰਡ ਫੰਗਤੋਲੀ ਦਾ ਹੈ, ਜਿੱਥੇ 7 ਸ਼ੱਕੀ ਵਿਅਕਤੀ ਇੱਕ ਘਰ ਪਹੁੰਚੇ ਅਤੇ ਇੱਕ ਔਰਤ ਤੋਂ ਪੀਣ ਲਈ ਪਾਣੀ ਮੰਗਿਆ। ਇਸ ਤੋਂ ਬਾਅਦ



ਉਹ ਸਾਰੇ ਜੰਗਲ ਵੱਲ ਚਲੇ ਗਏ। ਔਰਤ ਨੇ ਸਭ ਤੋਂ ਪਹਿਲਾਂ ਪਿੰਡ ਵਾਸੀਆਂ ਨੂੰ ਸੂਚਿਤ ਕੀਤਾ ਤੇ ਪੁਲਸ ਨੂੰ ਮਾਮਲੇ ਦੀ ਸੂਚਨਾ ਦਿੱਤੀ। ਸੂਚਨਾ ਮਿਲਣ 'ਤੇ ਪੁਲਸ ਅਤੇ ਫੌਜ ਦੇ ਜਵਾਨ ਪਿੰਡ ਪਹੁੰਚੇ ਅਤੇ ਔਰਤ ਤੋਂ ਪੁੱਛਗਿੱਛ ਕਰਨ ਤੋਂ ਬਾਅਦ ਤਲਾਸ਼ੀ ਮੁਹਿੰਮ ਚਲਾਈ। ਔਰਤ ਨੇ ਪੁਲਸ ਅਧਿਕਾਰੀਆਂ ਨੂੰ ਦੱਸਿਆ ਕਿ ਮੰਗਲਵਾਰ ਰਾਤ ਨੂੰ ਉਹ ਆਪਣੇ ਘਰ ਦੇ ਬਾਹਰ ਖੜ੍ਹੀ ਸੀ ਜਦੋਂ ਜੰਗਲਾਂ 'ਚੋਂ ਸੱਤ ਸ਼ੱਕੀ ਵਿਅਕਤੀ ਉਸ ਕੋਲ ਆਏ। ਉਨ੍ਹਾਂ ਨੇ ਉਸ ਤੋਂ ਪਾਣੀ ਮੰਗਿਆ ਅਤੇ ਫਿਰ ਪੁੱਛਣ ਲੱਗੇ ਕਿ ਤੁਹਾਡਾ ਪਤੀ ਕੀ ਕੰਮ ਕਰਦਾ ਹੈ ਅਤੇ ਕੀ ਤੁਸੀਂ ਘਰ ਵਿਚ ਇਕੱਲੀ ਰਹਿੰਦੀ ਹੋ। ਔਰਤ ਨੇ ਦੱਸਿਆ ਕਿ ਇਨ੍ਹਾਂ ਸੱਤਾਂ ਦੇ ਮੋਢਿਆਂ 'ਤੇ ਭਾਰੀ ਬੈਗ ਲਟਕ ਰਹੇ ਸਨ। ਔਰਤ ਨੇ ਦੱਸਿਆ ਕਿ ਜੰਗਲ ਵੱਲ ਜਾਂਦੇ ਸਮੇਂ ਉਹ ਵਾਰ-ਵਾਰ ਪਿੱਛੇ ਮੁੜ ਕੇ ਦੇਖ ਰਹੇ ਸਨ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਜੰਗਲੀ ਰਸਤਾ ਜੰਮੂ-ਕਸ਼ਮੀਰ ਸਰਹੱਦ ਤੱਕ ਜਾਂਦਾ ਹੈ।

## ਗੈਂਗਸਟਰ ਦੇ ਐਨਕਾਊਂਟਰ ਮਾਮਲੇ 'ਚ ਅਦਾਲਤ ਦਾ ਵੱਡਾ ਫੈਸਲਾ, ਪੁਲਸ ਅਫਸਰਾਂ 'ਤੇ ਚੱਲੇਗਾ ਕੇਸ

**ਨਵੀਂ ਦਿੱਲੀ, 24 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਰਾਜਸਥਾਨ ਦੇ ਮਸ਼ਹੂਰ ਗੈਂਗਸਟਰ ਆਨੰਦਪਾਲ ਸਿੰਘ ਦੇ ਐਨਕਾਊਂਟਰ ਮਾਮਲੇ 'ਚ ਹੁਣ ਨਵਾਂ ਮੋੜ ਸਾਹਮਣੇ ਆਇਆ ਹੈ। ਇਸ



ਮਾਮਲੇ ਵਿਚ ਜੋਧਪੁਰ ਕੋਰਟ ਨੇ ਸੀਬੀਆਈ ਦੀ ਕਲੋਜ਼ਰ ਰਿਪੋਰਟ ਨੂੰ ਰੱਦ ਕਰ ਦਿੱਤਾ ਹੈ। ਏਸੀਜੇਐੱਮ ਸੀਬੀਆਈ ਅਦਾਲਤ ਨੇ ਇਸ ਮੁਕਾਬਲੇ ਵਿੱਚ ਸ਼ਾਮਲ 5 ਪੁਲਸ ਮੁਲਾਜ਼ਮਾਂ ਖ਼ਿਲਾਫ਼ ਕਾਰਵਾਈ ਕੀਤੀ ਹੈ। ਅਦਾਲਤ ਨੇ ਮੁਕਾਬਲੇ ਵਿਚ ਸ਼ਾਮਲ ਪੁਲਸ ਮੁਲਾਜ਼ਮਾਂ ਖ਼ਿਲਾਫ਼ ਧਾਰਾ 302 ਤਹਿਤ ਜਾਂਚ ਅਤੇ ਮੁਕੱਦਮਾ ਚਲਾਉਣ ਦੇ ਹੁਕਮ ਦਿੱਤੇ ਹਨ। ਗੈਂਗਸਟਰ ਦੇ ਐਨਕਾਊਂਟਰ ਤੋਂ ਬਾਅਦ ਉਸ ਦੇ ਪਰਿਵਾਰਕ ਮੈਂਬਰਾਂ ਨੇ ਇਸ ਨੂੰ ਫਰਜ਼ੀ ਮੁਕਾਬਲਾ ਕਰਾਰ ਦਿੰਦੇ ਹੋਏ ਅਦਾਲਤ 'ਚ ਚੁਣੌਤੀ ਦਿੱਤੀ ਸੀ। ਇਸ ਦੇ ਨਾਲ ਹੀ ਸੀਬੀਆਈ ਨੇ ਇਸ ਮਾਮਲੇ ਵਿਚ ਕਲੋਜ਼ਰ ਰਿਪੋਰਟ ਅਦਾਲਤ ਨੂੰ ਦਿੱਤੀ ਸੀ, ਇਸ ਰਿਪੋਰਟ ਵਿੱਚ ਫਰਜ਼ੀ ਮੁਕਾਬਲੇ ਦੇ ਮਾਮਲੇ ਤੋਂ ਇਨਕਾਰ ਕੀਤਾ ਗਿਆ ਸੀ। ਪਰ ਆਨੰਦਪਾਲ ਦੀ ਪਤਨੀ ਦੇ ਵਕੀਲ ਨੇ ਦਲੀਲ ਦਿੱਤੀ ਕਿ ਆਨੰਦ ਪਾਲ ਦੇ ਸਰੀਰ 'ਤੇ ਸੱਟਾਂ ਦੇ ਨਿਸ਼ਾਨ ਸਨ। ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਦਿੱਤੀ ਗਈ ਰਿਪੋਰਟ ਤੋਂ ਸਾਫ਼ ਪਤਾ ਲੱਗਦਾ ਹੈ ਕਿ ਆਨੰਦਪਾਲ ਨੂੰ ਬਹੁਤ ਨੇੜਿਓਂ ਗੋਲੀ ਮਾਰੀ ਗਈ ਸੀ, ਜੋ ਫਰਜ਼ੀ ਮੁਕਾਬਲੇ ਵਲ ਇਸ਼ਾਰਾ ਕਰਦੀ ਹੈ। ਹੋਰ ਸਬੂਤ ਵੀ ਸਾਬਤ ਕਰਦੇ ਹਨ ਕਿ ਇਹ ਫਰਜ਼ੀ ਮੁਕਾਬਲਾ ਸੀ। ਜਿਸ ਤੋਂ ਬਾਅਦ ਅਦਾਲਤ ਨੇ ਐਨਕਾਊਂਟਰ ਵਿੱਚ ਸ਼ਾਮਲ ਚੂਰੂ ਦੇ ਤਤਕਾਲੀ ਐੱਸਪੀ ਰਾਹੁਲ ਬਰਹਤ, ਤਤਕਾਲੀ ਐਡੀਸ਼ਨਲ ਐੱਸਪੀ ਵਿਦਿਆ ਪ੍ਰਕਾਸ਼ ਚੌਧਰੀ, ਡੀਐੱਸਪੀ ਸੂਰਿਆਵੀਰ ਸਿੰਘ ਰਾਠੌੜ, ਆਰਏਸੀ ਹੈੱਡ ਕਾਂਸਟੇਬਲ ਕੈਲਾਸ਼ ਖ਼ਿਲਾਫ਼ ਮੁਕੱਦਮਾ ਚਲਾਉਣ ਦੇ ਹੁਕਮ ਦਿੱਤੇ ਹਨ।

**ਕਿਵੇਂ ਹੋਇਆ ਐਨਕਾਊਂਟਰ ?**

ਪੁਲਸ ਨੇ ਦੱਸਿਆ ਸੀ ਕਿ ਆਨੰਦਪਾਲ ਦੇ ਸਾਥੀਆਂ ਨੇ ਉਨ੍ਹਾਂ ਨੂੰ ਦੱਸਿਆ ਸੀ ਕਿ ਉਹ ਸਾਲਾਸਰ ਵਿੱਚ ਲੁਕਿਆ ਹੋਇਆ ਹੈ, ਜਿਸ ਦੀ ਪੁਸ਼ਟੀ ਹੋਣ ਤੋਂ ਬਾਅਦ ਐੱਸਓਜੀ ਨੇ ਘੇਰਾਬੰਦੀ ਕਰ ਕੇ ਆਨੰਦਪਾਲ ਨੂੰ ਫੜਨ ਦੀ ਕੋਸ਼ਿਸ਼ ਕੀਤੀ। ਪੁਲਸ ਨੇ ਦੱਸਿਆ ਸੀ ਕਿ ਜਿਵੇਂ ਹੀ ਪੁਲਸ ਟੀਮ ਉਥੇ ਪਹੁੰਚੀ ਤਾਂ ਆਨੰਦਪਾਲ ਨੇ ਘਰ ਦੀ ਛੱਤ ਤੋਂ ਪੁਲਸ 'ਤੇ ਫਾਇਰਿੰਗ ਸ਼ੁਰੂ ਕਰ ਦਿੱਤੀ। ਜਵਾਬੀ ਕਾਰਵਾਈ ਵਿੱਚ ਐੱਸਓਜੀ ਨੇ ਵੀ ਗੋਲੀਬਾਰੀ ਕੀਤੀ। ਗੋਲੀਬਾਰੀ 'ਚ ਆਨੰਦਪਾਲ ਮਾਰਿਆ ਗਿਆ। ਉਸ ਨੂੰ 6 ਗੋਲੀਆਂ ਲੱਗੀਆਂ। ਅਧਿਕਾਰੀਆਂ ਨੇ ਕਿਹਾ ਸੀ ਕਿ ਆਨੰਦਪਾਲ ਨੂੰ ਫੜਨ 'ਚ ਕਰੀਬ 8 ਤੋਂ 9 ਕਰੋੜ ਰੁਪਏ ਖਰਚ ਹੋਏ ਹਨ। ਦੱਸਿਆ ਜਾ ਰਿਹਾ ਹੈ ਕਿ ਆਨੰਦਪਾਲ ਅੰਡਰਵਰਲਡ ਡਾਨ ਦਾਊਦ ਇਬਰਾਹਿਮ ਨੂੰ ਬਹੁਤ ਪਸੰਦ ਕਰਦਾ ਸੀ। ਉਹ ਦਾਊਦ ਨਾਲ ਜੁੜੀ ਹਰ ਖ਼ਬਰ ਪੜ੍ਹਦਾ ਸੀ ਅਤੇ ਉਸ ਦਾ ਪਾਲਣ ਕਰਦਾ ਸੀ। ਪੁਲਸ ਸੂਤਰਾਂ ਮੁਤਾਬਕ ਆਨੰਦਪਾਲ ਜਦੋਂ ਜੇਲ੍ਹ 'ਚ ਸੀ ਤਾਂ ਉਹ ਦਾਊਦ 'ਤੇ ਲਿਖੀਆਂ ਕਿਤਾਬਾਂ ਪੜ੍ਹਦਾ ਸੀ।

## ਨੇਪਾਲ ਜਹਾਜ਼ ਹਾਦਸਾ; ਇਕ ਝਟਕੇ 'ਚ ਪਰਿਵਾਰ ਦੇ 3 ਮੈਂਬਰਾਂ ਸਮੇਤ 18 ਮੌਤਾਂ

**ਕਾਠਮੰਡੂ, 24 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਦੇ ਕਾਠਮੰਡੂ ਦੇ ਤ੍ਰਿਭੁਵਨ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਬੁੱਧਵਾਰ ਸਵੇਰੇ ਇਕ ਜਹਾਜ਼ ਹਾਦਸੇ ਵਿਚ 18 ਲੋਕਾਂ ਦੀ ਮੌਤ ਹੋ ਗਈ। ਕਾਠਮੰਡੂ ਤੋਂ ਪੋਖਰਾ ਜਾ ਰਿਹਾ ਸੂਰਿਆ ਏਅਰਲਾਈਨਜ਼ ਦਾ ਜਹਾਜ਼ 19 ਯਾਤਰੀਆਂ ਨੂੰ ਲੈ ਕੇ ਉਡਾਣ ਭਰਨ ਤੋਂ ਤੁਰੰਤ ਬਾਅਦ ਹਾਦਸੇ ਦਾ ਸ਼ਿਕਾਰ ਹੋ ਗਿਆ। ਇਸ ਹਾਦਸੇ ਦਾ ਵੀਡੀਓ ਵੀ ਸਾਹਮਣੇ ਆਇਆ ਹੈ। ਇਸ ਜਹਾਜ਼ 'ਚ ਕੁੱਲ 19 ਲੋਕ ਸਵਾਰ ਸਨ, ਜਿਨ੍ਹਾਂ 'ਚੋਂ ਸਿਰਫ ਇਕ ਪਾਇਲਟ ਨੂੰ ਬਚਾਇਆ ਜਾ ਸਕਿਆ। ਹੁਣ ਪਤਾ ਲੱਗਾ ਹੈ ਕਿ ਇਸ ਹਾਦਸੇ 'ਚ ਇੱਕੋ ਪਰਿਵਾਰ ਦੇ ਤਿੰਨ ਲੋਕਾਂ ਦੀ ਮੌਤ ਹੋ ਗਈ ਹੈ। ਏਅਰਲਾਈਨਜ਼ ਵੱਲੋਂ ਜਾਰੀ ਬਿਆਨ 'ਚ ਕਿਹਾ ਗਿਆ ਹੈ ਕਿ ਕਰੈਸ਼ ਹੋਏ ਜਹਾਜ਼ 'ਚ ਫਲਾਈਟ ਮੇਨਟੇਨੈਂਸ




ਸਟਾਫ ਮਨੂਰਾਜ ਸ਼ਰਮਾ ਆਪਣੀ ਪਤਨੀ ਪ੍ਰਿਜਾ ਖਾਤੀਵਾੜਾ ਅਤੇ ਚਾਰ ਸਾਲ ਦੇ ਬੇਟੇ ਅਧਿਰਾਜ ਸ਼ਰਮਾ ਨਾਲ ਸਫਰ ਕਰ ਰਹੇ ਸਨ। ਇਸ ਹਾਦਸੇ ਵਿੱਚ ਤਿੰਨਾਂ ਦੀ ਮੌਤ ਹੋ ਗਈ ਹੈ। ਬਿਆਨ ਮੁਤਾਬਕ ਪ੍ਰਿਜਾ ਵੀ ਸਰਕਾਰੀ ਮੁਲਾਜ਼ਮ ਸੀ ਅਤੇ ਊਰਜਾ ਮੰਤਰਾਲੇ ਵਿੱਚ ਸਹਾਇਕ ਕੰਪਿਊਟਰ ਆਪਰੇਟਰ ਵਜੋਂ ਕੰਮ ਕਰ ਰਹੀ ਸੀ। ਦੱਸ ਦਈਏ ਕਿ ਹਾਦਸੇ 'ਚ ਮਰਨ ਵਾਲਿਆਂ 'ਚੋਂ 17 ਸੌਰਯਾ ਏਅਰਲਾਈਨਜ਼ ਦੇ ਕਰਮਚਾਰੀ ਸਨ। ਇਸ ਹਾਦਸੇ ਵਿੱਚ 37 ਸਾਲਾ ਕੈਪਟਨ ਐਮਆਰ ਸ਼ਾਕਿਆ ਦੀ ਜਾਨ ਬਚ ਗਈ ਹੈ ਅਤੇ ਉਨ੍ਹਾਂ ਨੂੰ ਹਾਦਸੇ ਵਾਲੀ ਥਾਂ ਤੋਂ ਬਚਾ ਲਿਆ ਗਿਆ ਹੈ। ਉਸ ਦਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਜਹਾਜ਼ ਬੰਬਾਰਡੀਅਰ ਸੀਆਰਜੇ-200ਈਆਰ ਸੀ ਜਿਸ ਦਾ ਨਿਰਮਾਣ ਸਾਲ 2003 'ਚ ਕੀਤਾ ਗਿਆ ਸੀ। ਇਸ ਜਹਾਜ਼ ਨੂੰ ਮੁਰੰਮਤ ਲਈ ਲਿਜਾਇਆ ਜਾ ਰਿਹਾ ਸੀ। ਏਅਰਲਾਈਨਜ਼ ਨੇ ਕਿਹਾ ਹੈ ਕਿ ਜਹਾਜ਼ ਪੋਖਰਾ ਜਾ ਰਿਹਾ ਸੀ ਤਾਂ ਕਿ ਮੁਰੰਮਤ ਤੋਂ ਬਾਅਦ ਇਸ ਦੀ ਤਕਨੀਕੀ ਜਾਂਚ ਕੀਤੀ ਜਾ ਸਕੇ। ਜਹਾਜ਼ ਨੇ ਰਨਵੇਅ 2 ਤੋਂ ਉਡਾਣ ਭਰੀ ਅਤੇ ਰਨਵੇਅ 20 'ਤੇ ਹੀ ਕਰੈਸ਼ ਹੋ ਗਿਆ।

**ਨੇਪਾਲ ਵਿੱਚ ਕਿਉਂ ਵਾਪਰਦੇ ਹਨ ਇੰਨੇ ਹਵਾਈ ਹਾਦਸੇ ?**

ਨੇਪਾਲ ਵਿੱਚ ਜਹਾਜ਼ ਹਾਦਸੇ ਦਾ ਇਹ ਕੋਈ ਨਵਾਂ ਮਾਮਲਾ ਨਹੀਂ ਹੈ। ਇਸ ਦੇਸ਼ 'ਚ ਜਹਾਜ਼ ਹਾਦਸਿਆਂ ਦੀਆਂ ਕਈ ਖਬਰਾਂ ਸਾਹਮਣੇ ਆ ਚੁੱਕੀਆਂ ਹਨ। ਵੱਖ-ਵੱਖ ਰਿਪੋਰਟਾਂ ਦੱਸਦੀਆਂ ਹਨ ਕਿ ਨੇਪਾਲ ਵਿੱਚ ਪਹਾੜੀ ਖੇਤਰ, ਮੌਸਮ, ਨਵੇਂ ਜਹਾਜ਼ਾਂ ਦੀ ਘਾਟ ਅਤੇ ਬੁਨਿਆਦੀ ਢਾਂਚੇ ਦੇ ਨਾਲ-ਨਾਲ ਪੁਰਾਣੇ ਜਹਾਜ਼ਾਂ ਦੀ ਲੰਬੇ ਸਮੇਂ ਤੱਕ ਵਰਤੋਂ ਕਾਰਨ ਅਜਿਹੇ ਹਾਦਸੇ ਵਾਪਰਦੇ ਹਨ। ਰਿਪੋਰਟ ਮੁਤਾਬਕ ਨੇਪਾਲ 'ਚ ਪਿਛਲੇ 30 ਸਾਲਾਂ 'ਚ ਕਰੀਬ 28 ਜਹਾਜ਼ ਹਾਦਸੇ ਹੋਏ ਹਨ। ਤੁਹਾਨੂੰ ਦੱਸ ਦੇਈਏ ਕਿ ਇਸ ਤੋਂ ਪਹਿਲਾਂ ਸਾਲ 2023 ਦੀ ਸ਼ੁਰੂਆਤ ਵਿੱਚ ਇੱਕ ਜਹਾਜ਼ ਹਾਦਸੇ ਵਿੱਚ 68 ਲੋਕਾਂ ਦੀ ਮੌਤ ਹੋ ਗਈ ਸੀ।

## ਮਾਨਸੂਨ ਨੇ ਤੋੜਿਆ ਦਮ ! ਪੰਜਾਬ ਰਹਿ ਗਿਆ ਸੁੱਕਾ, ਸੂਬੇ 'ਚ 50 ਫੀਸਦੀ ਘੱਟ ਬਾਰਸ਼

**ਚੰਡੀਗੜ੍ਹ, 24 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਿਛਲੀ ਵਾਰ ਪੰਜਾਬ ਨੂੰ ਹੜ੍ਹਾਂ ਨੇ ਬੁਰੀ ਤਰ੍ਹਾਂ ਡੋਬਿਆ ਸੀ ਪਰ ਇਸ ਵਾਰ ਸੂਬਾ ਸੁੱਕਾ ਹੀ ਰਹਿ ਗਿਆ ਹੈ। ਮਾਨਸੂਨ ਆਪਣੇ ਆਖਰੀ ਪੜਾਅ ਵਿੱਚ ਹੈ ਪਰ ਬਾਰਸ਼ ਲੱਗਪਗ 50 ਫੀਸਦੀ ਘੱਟ ਹੋਈ ਹੈ। ਇਸ ਨਾਲ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਉਪਰ ਅਸਰ ਪਏਗਾ। ਉਂਝ ਅਗਲੇ ਦਿਨਾਂ ਅੰਦਰ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਬਾਰਸ਼ ਦਾ ਅਨੁਮਾਨ ਹੈ। ਦਰਅਸਲ ਜੁਲਾਈ ਦਾ ਮਹੀਨਾ ਖਤਮ ਹੋਣ ਵਾਲਾ ਹੈ ਪਰ ਇਸ ਦੇ ਬਾਵਜੂਦ ਮੌਸਮ ਵਿਭਾਗ ਦੀ ਭਵਿੱਖਬਾਣੀ ਅਨੁਸਾਰ ਮੀਂਹ ਨਹੀਂ ਪੈ ਰਿਹਾ। ਤਕਰੀਬਨ ਸਾਰੇ ਜ਼ਿਲ੍ਹਿਆਂ ਵਿੱਚ ਘੱਟ ਬਾਰਸ਼ ਹੋਈ ਹੈ। ਇਸ ਦੇ ਨਾਲ ਹੀ 1 ਜੂਨ ਤੋਂ ਹੁਣ ਤੱਕ ਸੂਬੇ 'ਚ 49 ਫੀਸਦੀ ਘੱਟ ਬਾਰਸ਼ ਦਰਜ ਕੀਤੀ ਗਈ ਹੈ। ਉਂਝ ਪਠਾਨਕੋਟ, ਤਰਨ ਤਾਰਨ, ਮਾਨਸਾ ਤੇ ਸੰਗਰੂਰ ਵਿੱਚ ਆਮ ਮੀਂਹ ਪਿਆ ਹੈ। ਇਸ ਤੋਂ ਇਲਾਵਾ ਛੇ ਜ਼ਿਲ੍ਹਿਆਂ ਰੂਪਨਗਰ ਵਿੱਚ 62 ਫੀਸਦੀ, ਐਸਬੀਐਸ ਨਗਰ ਵਿੱਚ 64 ਫੀਸਦੀ, ਮੁਹਾਲੀ ਵਿੱਚ 72 ਫੀਸਦੀ, ਫਤਿਹਗੜ੍ਹ ਸਾਹਿਬ ਵਿੱਚ 80 ਫੀਸਦੀ, ਫਿਰੋਜ਼ਪੁਰ ਵਿੱਚ 66 ਫੀਸਦੀ ਤੇ ਬਠਿੰਡਾ ਵਿੱਚ 73 ਫੀਸਦੀ ਘੱਟ ਮੀਂਹ ਦਰਜ ਕੀਤਾ ਗਿਆ ਹੈ। ਜਦਕਿ ਬਾਕੀ ਜ਼ਿਲ੍ਹਿਆਂ ਵਿੱਚ 30 ਤੋਂ 59 ਘੱਟ ਮੀਂਹ ਦਰਜ ਕੀਤਾ ਗਿਆ ਹੈ। ਉਧਰ, ਪੰਜਾਬ ਵਿੱਚ ਅੱਜ ਯਾਨੀ ਬੁੱਧਵਾਰ ਨੂੰ ਵੀ ਮੀਂਹ ਦਾ ਅਲਰਟ ਹੈ। ਮੌਸਮ ਵਿਭਾਗ ਨੇ ਇੱਕ ਜ਼ਿਲ੍ਹੇ ਵਿੱਚ ਸੰਤਰੀ ਤੇ 14 ਜ਼ਿਲ੍ਹਿਆਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਹੈ। ਹਾਲਾਂਕਿ ਮਾਨਸੂਨ ਦੀ ਰਫ਼ਤਾਰ ਮੱਠੀ ਪੈ ਗਈ ਹੈ। ਇਸ ਲਈ ਅਲਰਟ ਤੋਂ ਬਾਅਦ ਵੀ ਬਾਰਸ਼ ਨਹੀਂ ਹੋ ਰਹੀ। ਇਸ ਕਾਰਨ ਗਰਮੀ ਤੇ ਨਮੀ ਦੀ ਸਥਿਤੀ ਬਣੀ ਰਹਿੰਦੀ ਹੈ। ਸੂਬੇ ਦੇ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ -0.2 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਹੈ। ਇਸ ਦੇ ਨਾਲ ਹੀ ਇਹ ਆਮ ਦੇ ਨੇੜੇ ਪਹੁੰਚ ਗਿਆ ਹੈ। ਸੂਬੇ ਵਿੱਚ ਸਭ ਤੋਂ ਵੱਧ ਤਾਪਮਾਨ ਬਠਿੰਡਾ ਵਿੱਚ 39.6 ਡਿਗਰੀ ਦਰਜ ਕੀਤਾ ਗਿਆ। ਇਸ ਦੇ ਨਾਲ ਹੀ ਹੁੰਮਸ ਨਾਲ ਜਨਤਾ ਦਾ ਬੁਰਾ ਹਾਲ ਹੈ। ਹੁੰਮਸ ਕਰਕੇ ਫਸਲਾਂ ਨੂੰ ਬਿਮਾਰੀਆਂ ਲੱਗਣ ਦਾ ਵੀ ਖਤਰਾ ਹੈ। ਉਂਝ ਅਗਲੇ ਦਿਨਾਂ ਅੰਦਰ ਮੌਸਮ ਫਿਰ ਤੋਂ ਬਦਲ ਜਾਵੇਗਾ। ਇਸ ਦੇ ਨਾਲ ਹੀ ਮੌਸਮ ਵਿਭਾਗ ਨੇ ਮਾਨਸਾ, ਬਠਿੰਡਾ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ ਤੇ ਤਰਨ ਤਾਰਨ ਵਿੱਚ ਸਵੇਰੇ 10 ਵਜੇ ਤੱਕ ਦਰਮਿਆਨੀ ਬਾਰਸ਼ ਦਾ ਅਲਰਟ ਜਾਰੀ ਕੀਤਾ ਹੈ। ਇਸ ਦੌਰਾਨ 30 ਤੋਂ 40 ਕਿਲੋਮੀਟਰ ਦੀ ਰਫਤਾਰ ਨਾਲ ਤੇਜ਼ ਹਵਾਵਾਂ ਚੱਲਣਗੀਆਂ। ਮੌਸਮ ਵਿਭਾਗ ਅਨੁਸਾਰ ਹਿਮਾਚਲ ਦੇ ਨਾਲ ਲੱਗਦੇ ਪਠਾਨਕੋਟ ਵਿੱਚ ਵੀ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ। ਅਜਿਹੇ ਵਿੱਚ ਜ਼ਿਲ੍ਹੇ ਲਈ ਔਰੇਂਜ ਅਲਰਟ ਹੈ। ਜਦਕਿ ਗੁਰਦਾਸਪੁਰ, ਅੰਮ੍ਰਿਤਸਰ, ਤਰਨ ਤਾਰਨ, ਹੁਸ਼ਿਆਰਪੁਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਬਠਿੰਡਾ, ਲੁਧਿਆਣਾ, ਮਾਨਸਾ, ਨਵਾਂਸ਼ਹਿਰ, ਰੂਪਨਗਰ, ਪਟਿਆਲਾ ਤੇ ਮੋਹਾਲੀ 'ਚ ਤੂਫਾਨ ਤੇ ਮੀਂਹ ਦਾ ਅਲਰਟ ਜਾਰੀ ਕੀਤਾ ਗਿਆ ਹੈ।


Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ਼੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net


ਦਮਦਮੀ ਟਕਸਾਲ · ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ · ਕਿਰਤ ਕਰੋ · ਵੰਡ ਛਕੋ — Naam Japo · Kirat Karo · Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


24 HOURS SERVICE EVERYDAY

100% VEGETARIAN · PURE AND NATURAL

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST · LUNCH · DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


## ਪੰਜਾਬੀ

### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ · Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ · ਾ ਕੰਨਾ · ਿ ਸਿਹਾਰੀ · ੀ ਬਿਹਾਰੀ

ੁ ਔਂਕੜ · ੂ ਦੁਲੈਂਕੜ · ੇ ਲਾਂ · ੈ ਦੁਲਾਵਾਂ

ੋ ਹੋੜਾ · ੌ ਕਨੌੜਾ · ੰ ਟਿੱਪੀ · ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621


KHALSA FORGE
Explore a stunning collection of high-quality Damascus and Sarbloh Kirpans, meticulously crafted for excellence.
www.khalsaforge.com
ਖਾਲਸਾ ਫੋਰਜ
☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।
☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।
www.khalsaforge.com

ੴ ਵਾਹਿਗੁਰੂ ਜੀ ਕੀ ਫਤਹਿ ॥

ਪੰਜ ਤੀਰ ਹੋਰ ਤੂੰ ਗੁਰੂ ਤੋਂ ਮੰਗੇ, ਗੰਗੂ ਦੀ ਰੂਹ ਨੂੰ ਮਾਰਨ ਲਈ। ਅੱਜ ਪੰਥ ਇਕੱਠਾ ਹੋਇਆ ਹੈ, ਤੇਰੇ ਬੋਲਾਂ ਨੂੰ ਸਤਿਕਾਰਨ ਲਈ।

# ਜਲਾਵਤਨ ਸਿੱਖ ਯੋਧੇ, ਦਲ ਖਾਲਸਾ ਦੇ ਬਾਨੀ, ਕੌਮੀ ਸ਼ਾਇਰ, ਭਾਈ ਗਜਿੰਦਰ ਸਿੰਘ ਜੀ ਦੀ ਯਾਦ ਵਿੱਚ ਗੁਰਦੁਆਰਾ ਬਾਬਾ ਸੰਗ ਜੀ ਸਮੈਦਿਕ ਵਿਖੇ 4 ਅਗਸਤ 2024 ਦਿਨ ਐਤਵਾਰ ਨੂੰ

# ਸ਼ਰਧਾਂਜ਼ਲੀ ਸਮਾਗਮ

ਵੀਹਵੀਂ ਸਦੀ ਦੇ ਮਹਾਨ ਗੁਰਸਿੱਖ, ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਰਿਹਾਈ ਲਈ 29 ਸਤੰਬਰ 1981 ਨੂੰ ਇੰਡੀਅਨ ਏਅਰ ਲਾਇਨਜ ਦਾ ਹਵਾਈ ਜਹਾਜ਼ ਹਾਈਜੈਕ ਕਰਕੇ ਲਾਹੌਰ ਲਿਜਾਣ ਵਾਲੇ ਭਾਈ ਗਜਿੰਦਰ ਸਿੰਘ ਜੀ ਸਾਥੀਆਂ ਸਮੇਤ ਕਰੀਬ 14 ਸਾਲ ਪਾਕਿਸਤਾਨ ਦੀ ਕੋਟ ਲੱਖਪਤ ਜੇਲ੍ਹ ਵਿੱਚ ਨਜ਼ਰਬੰਦ ਰਹੇ ਅਤੇ ਉਸ ਤੋਂ ਬਾਅਦ ਅੰਤਮ ਸਵਾਸ ਤੱਕ ਪਾਕਿਸਤਾਨ ਵਿੱਚ ਹੀ ਜਲਾਵਤਨੀ ਦੀ ਜ਼ਿੰਦਗੀ ਬਿਤਾਈ।

ਬਿਖੜੇ ਪੈਂਡਿਆਂ ਤੇ ਤੁਰਦਿਆਂ ਵੀ ਸਰਦਾਰ ਗਜਿੰਦਰ ਸਿੰਘ ਨੇ ਦ੍ਰਿੜਤਾ ਨਾਲ ਖਾਲਿਸਤਾਨ ਦੀ ਅਜ਼ਾਦੀ ਅਤੇ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਲਈ ਸਖਤ ਪਹਿਰਾ ਦਿੱਤਾ।

ਬੀਤੀ 3 ਜੁਲਾਈ 2024 ਨੂੰ ਭਾਈ ਗਜਿੰਦਰ ਸਿੰਘ ਜੀ ਲਾਹੌਰ ਵਿਖੇ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦੀ ਅਦੁੱਤੀ ਪੰਥਕ ਦੇਣ ਨੂੰ ਯਾਦ ਕਰਦਿਆਂ ਸੰਸਾਰ ਭਰ ਵਿੱਚ ਪੰਥ ਦਰਦੀਆਂ ਵੱਲੋਂ ਸ਼ਰਧਾਂਜਲੀ ਸਮਾਗਮ ਕੀਤੇ ਜਾ ਰਹੇ ਹਨ। ਉਸੇ ਲੜੀ ਵਿੱਚ ਗੁਰਦੁਆਰਾ ਬਾਬਾ ਸੰਗ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ 4 ਅਗਸਤ 2024 ਦਿਨ ਐਤਵਾਰ ਨੂੰ ਵਿਸ਼ਾਲ ਸ਼ਰਧਾਂਜਲੀ ਸਮਾਗਮ ਕੀਤਾ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਪੰਥਕ ਪਿਆਰ ਵਿੱਚ ਹੁੰਮ-ਹੁੰਮਾ ਕੇ ਪੁੱਜੋ ਅਤੇ ਪੰਥਕ ਏਕੇ ਦਾ ਸਬੂਤ ਦਿੰਦਿਆਂ ਸਤਿਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।



ਜਲਾਵਤਨ ਸਿੱਖ ਯੋਧਾ
ਭਾਈ ਗਜਿੰਦਰ ਸਿੰਘ ਦਲ ਖਾਲਸਾ

## === ਪ੍ਰੋਗਰਾਮ ਦਾ ਵੇਰਵਾ :===

ਮਿਤੀ 2 ਅਗਸਤ 2024 ਦਿਨ ਸ਼ੁਕਰਵਾਰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ ਮਿਤੀ ਅਗਸਤ ਦਿਨ ਐਤਵਾਰ ਨੂੰ ਸ੍ਰੀ ਅਖੰਡ ਪਾਠ ਜੀ ਦੇ ਭੋਗ ਉਪਰੰਤ ਦੀਵਾਨ ਸਜੇਗਾ, ਜਿਸ ਵਿਚ ਉਚਕੋਟੀ ਦੇ ਰਾਗੀ ਜੱਥੇ, ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਨਾਮਵਰ ਪੰਥਕ ਬੁਲਾਰੇ ਪੰਥਕ ਵੀਚਾਰ ਸਾਂਝੇ ਕਰਨਗੇ।

## ਗੁਰਦੁਆਰਾ ਬਾਬਾ ਸੰਗ ਜੀ ਅਤੇ ਸੈਂਡਵਿਲ ਦੇ ਸਮੂਹ ਗੁਰਦੁਆਰਾ ਸਾਹਿਬ

**GURDWARA BABA SANG JI SMETHWICK**
**7-9 ST PAUL'S ROAD, SMETHWICK, B66 1EE**

*ਵਧੇਰੇ ਜਾਣਕਾਰੀ ਲਈ ਸੰਪਰਕ :*

**0121 558 2681 / 07930 908368 / 07452 765165**



ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ
ਆਰੰਭ 20 ਜੁਲਾਈ 2024 ਤੋ 18 ਅਗਸਤ 2024 ਤੱਕ
Monday - Friday
6PM - 9PM
Saturday - Sunday
3PM - 5PM
6PM - 9PM
Bhog Shri Sehaj Path
Sunday 18th August 2024
Kirtan - Katha Darbar




SANT BEANT SINGH JI
BER KALAN WALE | UK TOUR 2024
FRI 26TH JULY - SUN 28TH JULY: SOUTHAMPTON
MON 29TH JULY - SUN 4TH AUGUST: SOUTHALL
MON 5TH AUGUST - SAT 10TH AUGUST: 7:00-8:00PM
GURU NANAK GURDWARA, LEICESTER, LE1 4LJ
SUN 11TH AUGUST: 1:00-2:00PM
GURU NANAK GURDWARA, LEICESTER, LE1 4LJ
WED 14TH AUGUST - 7:30-8:10PM:
GURU HAR RAI SAHIB GURDWARA, WEST BROMWICH, B70 6JW
SUN 18TH AUGUST - 2:00-3:00 PM:
GURU HAR RAI GURDWARA, WEST BROMWICH, B70 6JW
MON 19TH AUGUST - SUN 25TH AUGUST: 7:00-7:30AM &
6:45-7:30PM
SEDLEY STREET, WOLVERHAMPTON, WV2 3AJ
MON 26TH AUGUST - SUN 1ST SEPTEMBER: 7:30-8:15AM,
10:00-11:00AM & 7:15-8:00PM
BABA SANG GURDWARA, SMETHWICK, B66 1EE
SANT BEANT SINGH | WHATSAPP: +918530000006


ਬਾਲਾ ਪ੍ਰੀਤਮ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ
ਮਹਾਨ ਗੁਰਮਤਿ ਸਮਾਗਮ
ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ ਪਾ. ਅੱਠਵੀਂ ਅੰਬਾਲਾ
27 ਜੁਲਾਈ 2024 ਦਿਨ ਸ਼ਨਿੱਚਰਵਾਰ ਅਰੰਭ ਸ੍ਰੀ ਅਖੰਡ ਪਾਠ ਸਾਹਿਬ ਸਵੇਰੇ 10 ਵਜੇ ਉਪਰੰਤ ਆਰੰਭਤਾ ਮਹਾਨ ਨਗਰ ਕੀਰਤਨ ਸਵੇਰੇ 10:30 ਵਜੇ
ਮਿਤੀ 28 ਜੁਲਾਈ 2024 ਐਤਵਾਰ ਦਿਨ ਤੇ ਰਾਤ ਢਾਡੀ, ਕਵੀਸ਼ਰੀ ਅਤੇ ਕੀਰਤਨੀਏ ਸੰਗਤਾਂ ਨੂੰ ਨਿਹਾਲ ਕਰਨਗੇ
ਰੈਣ ਸਬਾਈ ਕੀਰਤਨ:- ਸਮਾਂ ਰਾਤ 11 ਵਜੇ ਤੋਂ 2 ਵਜੇ ਤੱਕ ਹੋਵੇਗਾ।
ਮਿਤੀ 29 ਜੁਲਾਈ 2024 ਦਿਨ ਸੋਮਵਾਰ ਭੋਗ ਸ੍ਰੀ ਅਖੰਡ ਪਾਠ ਸਾਹਿਬ ਸਵੇਰੇ 9 ਵਜੇ
ਉਪਰੰਤ 10 ਵਜੇ ਤੋਂ ਸ਼ਾਮ 4 ਵਜੇ ਤੱਕ ਧਾਰਮਿਕ ਦੀਵਾਨ ਸਜਣਗੇ
ਅੰਮ੍ਰਿਤ ਸੰਚਾਰ:- ਮਿਤੀ 29 ਜੁਲਾਈ 2024 ਦਿਨ ਸੋਮਵਾਰ ਸਵੇਰੇ 11 ਵਜੇ ਹੋਵੇਗਾ
(ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚ ਕੇ ਆਪਣਾ ਨਾਮ ਦਰਜ ਕਰਵਾਉਣ ਦੀ ਕ੍ਰਿਪਾਲਤਾ ਕਰਨ ਜੀ)
LIVE ON
ਬਾਲਾ ਪ੍ਰੀਤਮ TV
GURBANI
ਬੀਬੀ ਦਲੇਰ ਕੌਰ ਖਾਲਸਾ
ਭਾਈ ਕਮਲਦੀਪ ਸਿੰਘ
ਭਾਈ ਅਰਵਿੰਦਰਜੀਤ ਸਿੰਘ
ਭਾਈ ਮੇਜਰ ਸਿੰਘ
ਨੋਟ: ਕੋਈ ਵੀ ਸੱਜਣ ਸਟੇਜ ਸੈਕਟਰੀ ਦੀ ਆਗਿਆ ਤੋਂ ਬਿਨ੍ਹਾ ਬੋਲਣ ਦੀ ਖੇਚਲ ਨਾ ਕਰੇ।
ਰਾਤ ਦੀਪ-ਮਾਲਾ ਅਤੇ ਆਤਿਸ਼ਬਾਜ਼ੀ ਹੋਵੇਗੀ
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ.ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ
ਸ.ਭੁਪਿੰਦਰ ਸਿੰਘ ਅੰਬਾਲਾ ਮੈਂਬਰ
ਸ.ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ
ਭਾਈ ਬੂਟਾ ਸਿੰਘ ਹੈਡ ਗ੍ਰੰਥੀ ਗੁ: ਸ੍ਰੀ ਪੰਜੋਖਰਾ ਸਾਹਿਬ
ਸ. ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ ਅਤੇ ਸਮੂੰਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ: ਮੈਨੇਜਰ ਗੁ. ਸ੍ਰੀ ਪੰਜੋਖਰਾ ਸਾਹਿਬ ਪਾ.ਅੱਠਵੀਂ ਅੰਬਾਲਾ ਮੋ. 9991037375, 9728333218
HDFC BANK
HDFC BANK
BRANCH: PANJOKHRA, AMBALA

ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਅਗਵਾਈ ਵਿੱਚ

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਦਿੱਤਾ ਮੰਗ ਪੱਤਰ

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਦੋਸ਼ੀਆਂ ਦੀ ਪੁਸ਼ਤ ਪਨਾਹੀ ਕਰਨ ਵਾਲਿਆਂ ਤੇ ਜਾਪ ਕਰਨ ਵਾਲੀਆਂ ਸੰਗਤਾਂ ਤੇ ਗੋਲੀਆਂ ਚਲਾਉਣ ਤੇ ਸ਼ਹੀਦ ਕਰਨ ਵਾਲਿਆਂ ਨੂੰ ਅਹੁਦਿਆਂ ਤੋਂ ਹਟਾ ਕੇ ਅਕਾਲੀ ਫੂਲਾ ਸਿੰਘ ਦੀ ਤਰਜ ਤੇ ਸਖਤ ਸਜ਼ਾਵਾਂ ਦਿੱਤੀਆਂ ਜਾਣ








ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਅਗਵਾਈ ਵਿੱਚ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੰਥ ਦੀ ਏਕਤਾ ਤੇ ਚੜ੍ਹਦੀਕਲਾ ਵਾਸਤੇ ਕੀਤੀ ਅਰਦਾਸ, ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਦਿੱਤਾ ਮੰਗ ਪੱਤਰ, ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਦੋਸ਼ੀਆਂ ਦੀ ਪੁਸ਼ਤ ਪਨਾਹੀ ਕਰਨ ਵਾਲਿਆਂ ਤੇ ਜਾਪ ਕਰਨ ਵਾਲੀਆਂ ਸੰਗਤਾਂ ਤੇ ਗੋਲੀਆਂ ਚਲਾਉਣ ਤੇ ਸ਼ਹੀਦ ਕਰਨ ਵਾਲਿਆਂ ਨੂੰ ਓਹਦਿਆਂ ਤੋਂ ਹਟਾ ਕੇ ਅਕਾਲੀ ਫੂਲਾ ਸਿੰਘ ਦੀ ਤਰਜ ਤੇ ਸਖਤ ਸਜ਼ਾਵਾਂ ਦਿੱਤੀਆਂ ਜਾਣ ਜੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਜੇਠੂਵਾਲ ਵਿਖੇ ਸ਼ਹੀਦੀ ਜੋੜ ਮੇਲਾ ਮਨਾਇਆ







**ਅੰਮ੍ਰਿਤਸਰ 24 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਸਮੂਹ ਸ਼ਹੀਦਾਂ ਦੀ ਯਾਦ ਅੰਦਰ ਗੁਰਦੁਆਰਾ "ਬਾਬੇ ਸ਼ਹੀਦਾਂ" ਪਿੰਡ ਜੇਠੂਵਾਲ ਵਿਖੇ 9 ਸਾਵਣ ਦਾ ਸਾਲਾਨਾਂ ਜੋੜ ਮੇਲਾ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਵਿਦਵਾਨ ਡਾਕਟਰ ਇੰਦਰਜੀਤ ਸਿੰਘ ਗੋਗੋਆਣੀ ਵਲੋਂ "ਮਨੁੱਖੀ ਮਨ ਤੇ ਪਾਵਨ ਗੁਰਬਾਣੀ ਦੇ ਉਪਦੇਸ਼ ਦੀ ਮਹਾਨਤਾ ਸਰੀਰ ਦੀ ਕਾਇਆ ਕਲਪ" ਵਿਸ਼ੇ ਤੇ ਦਾਰਸ਼ਿਨਕ ਵਿਚਾਰਕ ਸਾਂਝ ਪਾਈ । ਜਿੰਨਾ ਤੋਂ ਬਾਅਦ ਪ੍ਰਸਿੱਧ ਢਾਡੀ ਜਥਾ ਭਾਈ ਸਤਨਾਮ ਸਿੰਘ ਲਾਲੂ ਘੁੰਮਣ ਦੇ ਜਥੇ ਵਲੋਂ ਸ਼ਹੀਦਾਂ ਨੂੰ ਯਾਦ ਕਰਦਿਆਂ ਅਠਾਰਵੀਂ ਸਦੀ ਦੇ ਸੁਨਹਿਰੀ ਸਿੱਖ ਇਤਿਹਾਸ ਚੋਂ ਢਾਡੀ ਵਾਰਾਂ ਗਾਇਨ ਕਰਕੇ ਸੂਰਬੀਰ ਸ਼ਹੀਦਾਂ ਸਿੰਘਾਂ ਦੀ ਬਹਾਦਰੀ ਦਾ ਪ੍ਰਸੰਗ ਸਾਂਝਾ ਕਰਕੇ ਸੰਗਤਾਂ ਨੂੰ ਸਤਿਗੁਰੂ ਜੀ ਦੇ ਲੜ ਲੱਗਣ ਦੀ ਪ੍ਰੇਰਣਾ ਦਿੱਤੀ। ਪਹੁੰਚੇ ਜਥਿਆਂ ਅਤੇ ਵਿਦਵਾਨਾਂ ਦਾ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਕੈਪਟਨ ਸੁਰਜੀਤ ਸਿੰਘ,ਸੁੱਚਾ ਸਿੰਘ ਲੁਧਿਆਣਾ,ਢਾਡੀ ਨਿਰਮਲ ਸਿੰਘ ਜੇਠੂਵਾਲ,ਜਥੇਦਾਰ ਬਲਵਿੰਦਰ ਸਿੰਘ ਜੋਧਪੁਰੀ,ਸੁਖਬੀਰ ਸਿੰਘ ਸੋਖਲ,ਮੰਗਲਜੀਤ ਸਿੰਘ,ਤਰਸੇਮ ਸਿੰਘ ਔਲਖ,ਦਿਲਬਾਗ ਸਿੰਘ,ਸ੍ਰ.ਦਾਰਾ ਸਿੰਘ ਫੌਜੀ,ਸਾਬਕਾ ਸਰਪੰਚ ਅਨੂਪ ਸਿੰਘ,ਨੰਬਰਦਾਰ ਕੁਲਦੀਪ ਸਿੰਘ,ਮੁਖਵਿੰਦਰ ਸਿੰਘ ਸੰਧੂ,ਸਰਪੰਚ ਜਸਬੀਰ ਸਿੰਘ,ਸਵਿੰਦਰ ਸਿੰਘ,ਸੁੱਖਰਾਮ ਸਿੰਘ,ਬਲਜਿੰਦਰ ਸਿੰਘ,ਗੁਰਪ੍ਰੀਤ ਸਿੰਘ,ਮਨਜੀਤ ਸਿੰਘ ਪੰਨੂ ,ਸੰਤੋਖ ਸਿੰਘ, ਕਰਮ ਸਿੰਘ,ਸੁਖਬੀਰ ਸਿੰਘ,ਸ਼ਮਸ਼ੇਰ ਸਿੰਘ ਜੇਠੂਵਾਲ,ਬਲਵਿੰਦਰ ਸਿੰਘ ਬੰਬ,ਥਾਣੇਦਾਰ ਕਸ਼ਮੀਰ ਸਿੰਘ, ਹਜੂਰੀ ਰਾਗੀ ਭਾਈ ਹਰਿੰਦਰ ਸਿੰਘ ਆਦਿ ਸਖਸ਼ੀਅਤਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਹਾਜਰ ਸਨ।

### ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ ਦੇ 12 ਮੈਂਬਰੀ ਵ.ਫਦ ਨੇ

# ਸੰਸਦ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨਾਲ ਮੁਲਾਕਾਤ ਕਰ ਦਿੱਤਾ ਮੰਗਪਤਰ



**ਨਵੀਂ ਦਿੱਲੀ 24 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-** ਸੰਸਦ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨਾਲ ਕਿਸਾਨ ਮਜਦੂਰ ਮੋਰਚਾ ਅਤੇ ਐੱਸ ਕੇ ਐੱਮ (ਗੈਰ ਰਾਜਨੀਤਿਕ) ਵੱਲੋਂ ਮੁਲਾਕਾਤ ਕਰਕੇ ਐਮਐਸਪੀ ਗਾਰੰਟੀ ਐਕਟ ਦਾ ਮੁੱਦਾ ਉਠਾਇਆ ਗਿਆ । ਕਿਸਾਨ ਵ.ਫਦ ਵਿੱਚ ਜਗਜੀਤ ਸਿੰਘ ਡੱਲੇਵਾਲ, ਸਰਵਣ ਸਿੰਘ ਪੰਧੇਰ, ਕੁਰਬਰੂ ਸ਼ਾਂਤਾਕੁਮਾਰ, ਅਭਿਮਨਿਊ ਕੋਹਾੜ, ਸੁਰਜੀਤ ਫੂਲ, ਪੀ.ਆਰ.ਪਾਂਡੇਅਨ, ਲਖਵਿੰਦਰ ਸਿੰਘ ਔਲਖ, ਅਮਰਜੀਤ ਮੋਹਰੀ, ਰਮਨਦੀਪ ਮਾਨ, ਤੇਜਵੀਰ ਸਿੰਘ, ਵੈਂਕਟੇਸ਼ਵਰ ਰਾਓ, ਗੁਰਅਮਨੀਤ ਮਾਂਗਟ ਹਾਜ਼ਰ ਸਨ। ਕਾਂਗਰਸ ਵੱਲੋਂ ਰਾਹੁਲ ਗਾਂਧੀ, ਕੇਸੀ ਵੇਣੂਗੋਪਾਲ, ਜੈਰਾਮ ਰਮੇਸ਼, ਰਾਜਾ ਵੜਿੰਗ, ਦੀਪੇਂਦਰ ਹੁੱਡਾ, ਚਰਨਜੀਤ ਚੰਨੀ, ਸੁਖਜਿੰਦਰ ਰੰਧਾਵਾ, ਅਮਰ ਸਿੰਘ, ਧਰਮਵੀਰ ਗਾਂਧੀ, ਗੁਰਜੀਤ ਸਿੰਘ ਔਜਲਾ, ਜੈਪ੍ਰਕਾਸ਼ ਜੇਪੀ ਆਦਿ ਹਾਜ਼ਰ ਸਨ। ਕਿਸਾਨ ਆਗੂਆਂ ਨੇ ਰਾਹੁਲ ਗਾਂਧੀ ਨਾਲ ਮੁਲਾਕਾਤ ਦੌਰਾਨ ਕਿਹਾ ਕਿ ਤੁਸੀਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਕਿਹਾ ਸੀ ਕਿ ਜੇਕਰ ਤੁਸੀਂ ਸੱਤਾ 'ਚ ਆਉਂਦੇ ਹੋ ਤਾਂ ਤੁਹਾਡੀ ਸਰਕਾਰ ਐਮਐਸਪੀ ਗਾਰੰਟੀ ਕਾਨੂੰਨ ਬਣਾਏਗੀ ਅਤੇ ਕਿਸਾਨਾਂ-ਮਜ਼ਦੂਰਾਂ ਦੀ ਕਰਜ਼ਾ ਮੁਆਫੀ ਲਈ ਸੰਵਿਧਾਨਕ ਕਮਿਸ਼ਨ ਬਣਾਏਗੀ, ਤੁਸੀਂ ਸੱਤਾ 'ਚ ਨਹੀਂ ਆਏ ਪਰ ਦੇਸ਼ ਦੇ ਕਿਸਾਨਾਂ ਅਤੇ ਮਜ਼ਦੂਰਾਂ ਨੇ ਤੁਹਾਨੂੰ "ਇੰਡੀਆ ਗਠਜੋੜ" ਦੇ ਰੂਪ ਵਿੱਚ ਇੱਕ ਮਜ਼ਬੂਤ ਵਿਰੋਧੀ ਧਿਰ ਦੀ ਭੂਮਿਕਾ ਦਿੱਤੀ ਹੈ, ਇਸ ਲਈ ਤੁਹਾਨੂੰ ਸੰਸਦ ਵਿੱਚ ਐਮਐਸਪੀ ਗਾਰੰਟੀ ਐਕਟ ਸਮੇਤ ਕਿਸਾਨਾਂ ਦੇ ਸਾਰੇ ਮੁੱਦਿਆਂ ਨੂੰ ਜ਼ੋਰਦਾਰ ਢੰਗ ਨਾਲ ਉਠਾਉਣਾ ਚਾਹੀਦਾ ਹੈ। ਕਿਸਾਨ ਆਗੂਆਂ ਨੇ ਇਹ ਵੀ ਕਿਹਾ ਕਿ ਭਾਜਪਾ ਸਰਕਾਰ ਨੇ ਕਿਸਾਨਾਂ 'ਤੇ ਗੋਲੀਆਂ ਚਲਾਉਣ ਵਾਲੇ ਅਧਿਕਾਰੀਆਂ ਨੂੰ ਰਾਸ਼ਟਰਪਤੀ ਮੈਡਲ ਦੇਣ ਦੀ ਸਿਫ਼ਾਰਸ਼ ਕੀਤੀ ਹੈ, ਜਿਸ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਹੈ। ਰਾਹੁਲ ਗਾਂਧੀ ਨੇ ਕਿਸਾਨਾਂ ਨਾਲ ਵਾਅਦਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਪਾਰਲੀਮੈਂਟ ਕਿਸਾਨਾਂ ਦੀ ਆਵਾਜ਼ ਨਾਲ ਗੂੰਜੇਗਾ, ਉਨ੍ਹਾਂ ਕਿਹਾ ਕਿ ਉਹ ਭਾਰਤ ਗਠਜੋੜ ਦੇ ਸਾਰੇ ਆਗੂਆਂ ਨਾਲ ਗੱਲ ਕਰਨਗੇ ਅਤੇ ਕਿਸਾਨਾਂ ਦੀ ਆਵਾਜ਼ ਸੰਸਦ ਵਿੱਚ ਉਠਾਉਣਗੇ। ਰਾਹੁਲ ਗਾਂਧੀ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਨੇ ਐਮਐਸਪੀ ਗਾਰੰਟੀ ਐਕਟ 'ਤੇ ਪੂਰੀ ਖੋਜ ਕੀਤੀ ਹੈ ਅਤੇ ਉਹ ਇਸ ਮੁੱਦੇ 'ਤੇ ਕਿਸਾਨਾਂ ਦੇ ਨਾਲ ਹਨ। ਉਨ੍ਹਾਂ ਕਿਹਾ ਕਿ ਉਹ ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਕਿਸਾਨਾਂ 'ਤੇ ਕੀਤੇ ਜਾ ਰਹੇ ਅੱਤਿਆਚਾਰਾਂ ਦਾ ਮੁੱਦਾ ਵੀ ਸੰਸਦ ਵਿੱਚ ਉਠਾਉਣਗੇ।

# ਮਾਤਾ ਸੁਲੱਖਣੀ ਸਿਵਲ ਹਸਪਤਾਲ ਬਟਾਲਾ ਦੀ ਟੀਮ ਨੇ ਵੱਖ-ਵੱਖ ਥਾਵਾਂ ਤੋਂ ਪਾਣੀ ਦੇ ਸੈਂਪਲ ਲਏ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 24 ਜੁਲਾਈ (ਕੁਲਜੀਤ ਸਿੰਘ ਖੋਖਰ)-**ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਅਤੇ ਮਾਨਯੋਗ ਸਿਵਲ ਸਰਜਨ ਗੁਰਦਾਸਪੁਰ ਦੇ ਹੁਕਮਾਂ ਮੁਤਾਬਿਕ ਅਤੇ ਐਸ.ਐਮ.ਓ ਮਾਤਾ ਸੁਲੱਖਣੀ ਸਿਵਲ ਹਸਪਤਾਲ ਬਟਾਲਾ ਦੀ ਰਹਿਨੁਮਾਈ ਹੇਠ ਬੀਤੇ ਦਿਨੀਂ ਅਰਬਨ ਅਸਟੇਟ ਬਟਾਲਾ ਵਿਚ ਹਸਪਤਾਲ ਦੀ ਟੀਮ ਵੱਲੋਂ ਵੱਖ-ਵੱਖ ਇਲਾਕਿਆਂ ਵਿਚ ਜਾ ਕੇ ਅਤੇ ਘਰੋ ਘਰੀ ਜਾ ਕੇ ਪਾਣੀ ਦੇ ਸੈਂਪਲ ਲਏ ਗਏ ਜਿਵੇਂ ਕਿ ਮਲਾਵੇ ਦੀ ਕੋਠੀ, ਓਮਰਪੁਰਾ, ਮਹਾਜਨ ਕਲੋਨੀ ਵਿੱਚ ਪਾਣੀ ਦੇ ਸੈਂਪਲ ਲਏ ਗਏ ਤੇ ਲੋਕਾਂ ਨੂੰ ਖ਼ਰਾਬ ਪਾਣੀ ਬਾਰੇ ਪ੍ਰੇਰਿਤ ਕੀਤਾ ਗਿਆ ਤੇ ਜੋ ਲੋਕਾਂ ਨੂੰ ਦੂਸ਼ਿਤ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਇਆ ਜਾ ਸਕੇ । ਅਗੇ ਐਸ਼ ਐਮ ਉ ਡਾਕਟਰ ਰਵਿੰਦਰ ਸਿੰਘ ਨੇ ਕਿਹਾ ਕਿ ਇਸ ਮੁਹਿੰਮ ਵਿਚ ਵਾਟਰ ਸੈਂਪਲਿੰਗ ਲਈ ਵਾਟਰ ਸਪਲਾਈ ਅਤੇ ਸੀਵਰੇਜ ਵਿਭਾਗ ਦਾ ਸਹਿਯੋਗ ਲਿਆ ਗਿਆ ਅਤੇ ਪਾਣੀ ਦੇ ਸੈਂਪਲ ਲੈ ਕੇ ਵਾਟਰ ਟੈਂਸਟਿੰਗ ਲਈ ਗੁਰਦਾਸਪੁਰ ਭੇਜੇ ਗਏ ਇਸ ਮੌਕੇ ਉਨ੍ਹਾਂ ਨਾਲ ਅਮਨਦੀਪ ( ਹੈਲਥ ਵਰਕਰ), ਗੁਰਜਿੰਦਰ ਸਿੰਘ( ਜੇ.ਈ ), ਹਰਜੀਤ ਸਿੰਘ (ਸੁਪਰਵਾਈਜਰ ), ਵਿਕੀ ਤੇਹਨ (ਪੰਪ ਆਪਰੇਟਰ), ਲਕੀ ਕੁਮਾਰ(ਪੰਪ ਆਪਰੇਟਰ ), ਅਜੇ ਕੁਮਾਰ ((ਪੰਪ ਆਪਰੇਟਰ ) ਆਦਿ ਹਾਜਰ ਸਨ।

## ਇਲੈਕਸ਼ਨਾਂ ਸਮੇਂ ਕੀਤੇ ਵਾਅਦੇ ਕਿਉਂ ਭੁੱਲ ਜਾਂਦੀਆਂ ਸਰਕਾਰਾਂ ਬਜਟ ਚ ਗਰੀਬਾਂ ਤੇ ਕਿਸਾਨਾਂ ਦੇ ਹੱਕਾਂ ਨੂੰ ਅੱਖੋਂ ਪਰੋਖੇ ਕੀਤਾ ਅਵਤਾਰ ਟੱਕਰ

**ਜੰਡਿਆਲਾ ਗੁਰੂ, 24 ਜੁਲਾਈ ( ਕੁਲਵੰਤ ਸਿੰਘ ਵਿਰਦੀ)-**ਇਲੈਕਸ਼ਨਾਂ ਸਮੇਂ ਦੇਸ਼ ਭਰ ਦੇ ਲੋਕਾਂ ਨਾਲ ਕੀਤੇ ਜਾਣ ਵਾਲੇ ਵਾਅਦੇ ਸਰਕਾਰਾਂ ਕਿਉਂ ਭੁੱਲ ਜਾਂਦੀਆਂ ਹਨ ਇਲੈਕਸ਼ਨਾਂ ਤੋਂ ਬਾਅਦ ਸਰਕਾਰਾਂ ਵੱਲੋਂ ਬਜਟ ਸੈਸ਼ਨ ਦੌਰਾਨ ਪੇਸ਼ ਕੀਤੇ ਜਾਣ ਵਾਲੇ ਬਜ਼ਟ ਉਪਰ ਦੇਸ਼ ਦੇ ਹਰੇਕ ਵਰਗ ਦੀਆਂ ਇਕ ਆਸ ਅਧੀਨ ਨਜ਼ਰਾਂ ਟਿਕੀਆਂ ਹੁੰਦੀਆਂ ਹਨ ਅਤੇ ਹਰ ਵਾਰ ਦੇਸ਼ ਦੇ ਮਿਹਨਤਕਸ ਲੋਕਾਂ ਨੂੰ ਨਿਰਾਸ਼ਤਾ ਦਾ ਸਾਹਮਣਾ ਕਰਨਾ ਪੈਂਦਾ ਹੈ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਖਾਲਸਾ ਆਟੋ ਰਿਕਸਾ ਯੂਨੀਅਨ ਜੰਡਿਆਲਾ ਗੁਰੂ ਦੇ ਸਾਬਕਾ ਪ੍ਰਧਾਨ ਅਵਤਾਰ ਸਿੰਘ ਟੱਕਰ ਨੇ ਅੱਗੇ ਬੀਤੇ ਦਿਨ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤੇ ਗਏ ਵਿੱਤੀ ਸਾਲ 2024/ 25 ਦੇ ਕੇਂਦਰੀ ਬਜਟ ਦੀ ਸਖ਼ਤ ਆਲੋਚਨਾ ਕਰਦਿਆੱ ਹੋਇਆਂ ਕਿਹਾ ਕਿ ਇਸ ਵਾਰ ਵੀ ਬਜਟ ਚ ਗਰੀਬਾਂ ਅਤੇ ਕਿਸਾਨਾਂ ਦੇ ਮੁੱਦਿਆਂ ਨੂੰ ਪੂਰੀ ਤਰਾਂ ਅੱਖੋ ਪਰੋਖੇ ਕੀਤਾ ਗਿਆ ਹੈ ਅਤੇ ਇਸ ਦੇ ਨਾਲ ਹੀ ਪੰਜਾਬ ਦੇ ਹਿੱਤਾਂ ਨੂੰ ਵੀ ਪੂਰੀ ਤਰਾਂ ਅਣਗੋਲਿਆ ਕੀਤਾ ਗਿਆ ਹੈ ਅੱਗੇ ਉਨ੍ਹਾ ਕਿਹਾ ਕਿ ਇਸ ਪੇਸ਼ ਕੀਤੇ ਬਜ਼ਟ ਉਪਰ ਕੇਂਦਰ ਨੂੰ ਜ਼ਰੂਰ ਵੀਚਾਰ ਕਰਨਾ ਚਾਹੀਦਾ ਹੈ ਅਤੇ ਗ.ਰੀਬਾਂ ਤੇ ਕਿਸਾਨਾਂ ਦਾ ਬਣਦਾ ਹੱਕ ਜ਼ਰੂਰ ਦੇਣਾ ਚਾਹੀਦਾ ਹੈ



## ਕੇਂਦਰ ਨੇ ਬਜਟ ਰਾਹੀਂ ਇੱਕ ਵਾਰ ਫਿਰ ਪੰਜਾਬ ਦੇ ਕਿਸਾਨਾਂ ਨਾਲ ਕੀਤਾ ਧੋਖਾ- ਜੀਤਮਹਿੰਦਰ ਸਿੰਘ ਸਿੱਧੂ

**ਤਲਵੰਡੀ ਸਾਬੋ, 24 ਜੁਲਾਈ (ਗੁਰਜੰਟ ਸਿੰਘ ਨਥੇਹਾ)-**ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਜਿੱਥੇ ਪਹਿਲਾਂ ਕਿਸਾਨੀ ਮਸਲਿਆਂ ਅਤੇ ਪੰਜਾਬ ਨਾਲ ਸਬੰਧਿਤ ਕਈ ਹੋਰਨਾਂ ਮਾਮਲਿਆਂ ਤੇ ਪੱਖਪਾਤ ਦੀ ਨੀਤੀ ਅਪਨਾ ਕੇ ਧ੍ਰੋਹ ਕਮਾਇਆ ਗਿਆ ਉੱਥੇ ਹੁਣ ਬਜਟ ਰਾਹੀਂ ਵੀ ਕੇਂਦਰ ਨੇ ਪੰਜਾਬ ਨਾਲ ਧੋਖਾ ਕਰਦਿਆਂ ਪੰਜਾਬ ਅਤੇ ਕਿਸਾਨੀ ਮਸਲਿਆਂ ਪ੍ਰਤੀ ਪੂਰੀ ਤਰ੍ਹਾਂ ਬੇਰੁਖੀ ਦਿਖਾਈ ਹੈ ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਵੱਲੋਂ ਲੋਕ ਸਭਾ ਹਲਕਾ ਬਠਿੰਡਾ ਤੋਂ ਚੋਣ ਲੜ ਚੁੱਕੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਇੱਥੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਕੀਤਾ। ਸਿੱਧੂ ਨੇ ਕਿਹਾ ਕਿ ਸਰਹੱਦੀ ਸੂਬਾ ਹੋਣ ਕਰਕੇ ਪੰਜਾਬ ਦੀਆਂ ਕਈ ਮੁਸ਼ਿਕਲਾਂ ਹਨ ਫਿਰ ਵੀ ਦੇਸ਼ ਦੇ ਅੰਨ ਭੰਡਾਰ ਵਿੱਚ ਪੰਜਾਬ ਦਾ ਵੱਡਾ ਯੋਗਦਾਨ ਹਮੇਸ਼ਾਂ ਤੋਂ ਰਿਹਾ ਹੈ ਪਰ ਕੇਂਦਰ ਸਰਕਾਰ ਨੇ ਆਪਣੇ ਬਜਟ ਵਿੱਚ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ। ਉਨਾਂ ਕਿਹਾ ਕਿ ਫਸਲਾਂ ਤੇ ਕਾਨੂੰਨੀ ਐੱਮ.ਐੱਸ.ਪੀ ਦੀ ਗਾਰੰਟੀ ਮੰਗਦਿਆਂ ਪੰਜਾਬ ਦੇ ਕਿਸਾਨ ਸੰਘਰਸ਼ ਦੇ ਰਾਹ ਪਏ ਹੋਏ ਹਨ ਪ੍ਰੰਤੂ ਕੇਂਦਰ ਜਿੱਥੇ ਐੱਮ.ਐੱਸ.ਪੀ ਨੂੰ ਕਾਨੂੰਨੀ ਗਾਰੰਟੀ ਦੇਣ ਵਿੱਚ ਅਸਫਲ ਰਿਹੈ ਉੱਥੇ ਕਿਸਾਨੀ ਕਰਜ਼ਿਆਂ ਤੋਂ ਕਿਸਾਨਾਂ ਨੂੰ ਰਾਹਤ ਦੁਆਉਣ ਲਈ ਬਜਟ 'ਚ ਕੋਈ ਵਿਸ਼ੇਸ ਫੰਡ ਵੀ ਨਹੀ ਰੱਖਿਆ ਗਿਆ। ਸਾਬਕਾ ਵਿਧਾਇਕ ਸਿੱਧੂ ਨੇ ਅੱਗੇ ਕਿਹਾ ਕਿ ਜੇਕਰ ਦੋ ਸੂਬਿਆਂ ਲਈ ਵਿਸ਼ੇਸ ਪੈਕੇਜ ਐਲਾਨਿਆ ਜਾ ਸਕਦਾ ਹੈ ਤਾਂ ਕਿਸਾਨੀ ਕਰਜ਼ਿਆਂ ਲਈ ਫੰਡ ਕਿਉਂ ਨਹੀ ਰੱਖੇ ਗਏ। ਉਨਾਂ ਨੇ ਬਜਟ ਨੂੰ ਕਿਸਾਨ/ਮਜ਼ਦੂਰ ਵਿਰੋਧੀ ਅਤੇ ਸਰਮਾਏਦਾਰ ਪੱਖੀ ਦੱਸਿਆ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਪਰਉਪਕਾਰੀ ਭਾਈ ਲੱਧਾ ਪਰਉਪਕਾਰੀ ਵਿਖੇ

# ਬੀਬੀ ਸੁਰਿੰਦਰ ਕੌਰ ਵਲੀਆ ਜੀ ਚੌਥੀ ਬਰਸੀ ਮਨਾਈ







**ਚੌਕ ਮਹਿਤਾ, 24 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੁਆਰਾ ਪਰਉਪਕਾਰੀ ਭਾਈ ਲੱਧਾ ਜੀ ਮੁੱਖੀ ਅਤੇ ਇੰਟਰਨੈਸ਼ਨਲ ਪੰਥਕ ਦਲ ( ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਸਤਿਕਾਰ ਯੋਗ ਸੰਤ ਬਾਬਾ ਸਤਨਾਮ ਸਿੰਘ ਵਲੀਆ ਜੀ ਦੀ ਧਰਮ ਪਤਨੀ ਸਤਿਕਾਰ ਯੋਗਬੀਬੀ ਸੁਰਿੰਦਰ ਕੌਰ ਵੱਲੀਆਂ ਦੀ ਚੌਥੀ ਬਰਸੀ ਮੌਕੇ ਗੁਰਦੁਆਰਾ ਪ੍ਰਉਪਕਾਰੀ ਭਾਈ ਲੱਧਾ ਸਾਹਿਬ ਜੀ ਪਿੰਡ ਵੱਲੀਆਂ ਵਿਖੇ ਇਲਾਕੇ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮਨਾਈ ਗਈ। ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਗਏ ਉਪਰੰਤ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਭਾਈ ਸਲਵਿੰਦਰ ਸਿੰਘ ਜੀ ਅਤੇ ਭਾਈ ਪਿੱਪਲ ਸਿੰਘ ਜੀ ਦੇ ਰਾਗੀ ਜਥੇ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਕੀਤੇ ਗਏ। ਇਸ ਮੌਕੇ ਗੁਰਦੁਆਰਾ ਗੁਰੂ ਸਰ ਜ਼ਾਮਨੀ ਸਾਹਿਬ ਜੀ ਕਵੀਸ਼ਰੀ ਜਥੇ ਭਾਈ ਜਸਵੰਤ ਸਿੰਘ ਜੀ ਦੇ ਜਥੇ ਵੱਲੋਂ ਸੰਗਤਾਂ ਨੂੰ ਗੁਰ ਇਤਿਹਾਸ ਸਰਵਣ ਕਰਵਾਇਆ ਗਿਆ। ਇਸ ਮੌਕੇ ਗੁਰਦੁਆਰਾ ਪ੍ਰਉਪਕਾਰੀ ਭਾਈ ਲੱਧਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਨੇ ਦੱਸਿਆ ਕਿ ਪੰਜ ਨਗਰਾਂ ਜਿਨ੍ਹਾਂ ਵਿੱਚ ਨਗਰ ਵਾਹਗੇ ਵਾਲਾ ਬਾਬਾ ਪ੍ਰੀਤਮ ਸਿੰਘ ਜੀ ਅਤੇ ਬਾਬਾ ਕੁਲਬੀਰ ਸਿੰਘ, ਪਿੰਡ ਵੱਲੀਆਂ ਦੇ ਬਾਬਾ ਸ਼ੰਗਾਰਾ ਸਿੰਘ, ਪਿੰਡ ਰੋਡੇ ਵਾਲਾ ਦੇ ਬਾਬਾ ਬਲਕਾਰ ਸਿੰਘ, ਪਿੰਡ ਪੀਰੂਵਾਲਾ ਦੇ ਬਾਬਾ ਬਲਵਿੰਦਰ ਸਿੰਘ, ਪਿੰਡ ਵਾਹਕੇ ਦੇ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਦੇ ਮੁੱਖ ਸੇਵਾਦਾਰ ਬਾਬਾ ਬਲਵਿੰਦਰ ਸਿੰਘ ਜੀ ਹੈਡ ਗ੍ਰੰਥੀ ਭਾਈ ਜੱਸਾ ਸਿੰਘ ਜੀ ਪਿੰਡ ਨਿਹੰਗ ਸਿੰਘਾਂ ਵਾਲਾ ਮੋੜ ਗੁਰਦੁਆਰਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਗੁਰਮੀਤ ਸਿੰਘ ਜੀ ਗਿਆਰਾਂ ਮੂਲ ਮੰਤਰ ਦੇ ਜਾਪ ਅਤੇ ਗੁਰ ਮੰਤ੍ਰ ਦਾ ਜਾਪ ਕਰ ਕੇ ਗੁਰਦੁਆਰਾ ਸਾਹਿਬ ਦੀ ਦੂਜੀ ਮੰਜ਼ਿਲ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਇਲਾਕੇ ਦੇ ਪੰਚਾਂ ਸਰਪੰਚਾਂ ਤੋਂ ਇਲਾਵਾ ਟੀਮ ਭਾਈ ਅਮ੍ਰਿਤਪਾਲ ਸਿੰਘ ਦੇ ਨੌਜਵਾਨ ਆਗੂ ਭਾਈ ਹਰਜਿੰਦਰ ਸਿੰਘ ਹਸ਼ਮਤ ਵਾਲਾ, ਭਾਈ ਕੁਲਵਿੰਦਰ ਸਿੰਘ ਨਿਜ਼ਾਮੀ ਵਾਲਾ, ਬਾਬਾ ਲੱਖਾ ਸਿੰਘ ਬੁੱਟਰ ਰੋਸ਼ਨ ਸ਼ਾਹ ਵਾਲਾ,ਭਾਈ ਨਰਿੰਦਰ ਸਿੰਘ ਮੱਖੂ, ਭਾਈ ਕਾਬਲ ਸਿੰਘ ਬੂਟੇ ਵਾਲਾ, ਭਾਈ ਜੋਗਾ ਸਿੰਘ ਨੰਗਲ, ਰਾਮਗੜ੍ਹੀਆ ਰਾਜ ਮਿਸਤਰੀ,ਮਜ਼ਦੂਰ ਯੂਨੀਅਨ ਦੇ ਭਾਈ ਸ਼ਿੰਗਾਰ ਸਿੰਘ ਭਿੱਖੀਵਿੰਡ, ਭਾਈ ਅਮਰਜੀਤ ਸਿੰਘ ਭਿੱਖੀਵਿੰਡ, ਭਾਈ ਗੁਰਚਰਨ ਸਿੰਘ ਭਿੱਖੀਵਿੰਡ, ਭਾਈ ਮੰਗਤ ਸਿੰਘ ਮਾੜੀ ਗੌੜ ਸਿੰਘ , ਇੰਟਰਨੈਸ਼ਨਲ ਪੰਥਕ ਦਲ ਦੇ ਭਾਈ ਜੋਗਿੰਦਰ ਸਿੰਘ ਮੀਤ ਪ੍ਰਧਾਨ ਪੰਜਾਬ, ਭਾਈ ਮਲਕੀਅਤ ਸਿੰਘ ਸਾਮ ਸਿੰਘ ਵਾਲਾ, ਭਾਈ ਇੰਦਰਜੀਤ ਸਿੰਘ ਇਕਾਈ ਪ੍ਰਧਾਨ, ਭਾਈ ਜੋਰਾ ਸਿੰਘ ਸਾਮ ਸਿੰਘ ਵਾਲਾ ਆਦਿ ਸੰਗਤਾਂ ਨੇ ਬੀਬੀ ਸੁਰਿੰਦਰ ਕੌਰ ਜੀ ਨੂੰ ਸਰਧਾ ਫੁੱਲ ਭੇਟ ਕੀਤੇ।

### ਫਿਰੋਤੀਆਂ ਮੰਗਣ ਵਾਲੇ ਗਰੋਹ ਦਾ ਪਰਦਾਫਾਸ਼

# ਥਾਣਾ ਜੰਡਿਆਲਾ ਗੁਰੂ ਪੁਲਿਸ ਵੱਲੋ ਇੱਕ ਦੋਸ਼ੀ ਕਾਬੂ

**ਜੰਡਿਆਲਾ ਗੁਰੂ, 24 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਅੰਮ੍ਰਿਤਸਰ ਦਿਹਾਤੀ ਪੁਲਿਸ ਵਲੋਂ ਕਸਬਾ ਜੰਡਿਆਲਾ ਗੁਰੂ ਵਿੱਚ ਕਾਰੋਬਾਰੀਆਂ ਨੂੰ ਡਰਾ ਧਮਕਾ ਕੇ ਫਿਰੋਤੀਆਂ ਮੰਗਣ ਵਾਲੇ ਗਿਰੋਹ ਦਾ ਪਰਦਾਫਾਸ ਕੀਤਾ ਗਿਆ ਹੈ ਤੇ ਇੱਕ ਦੋਸੀ ਨੂੰ ਗ੍ਰਿਫਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਗਈ ਹੈ। ਪਿਛਲੇ ਦਿਨਾ ਵਿੱਚ ਕਸਬਾ ਜੰਡਿਆਲਾ ਦੇ ਕੁਝ ਕਾਰੋਬਾਰੀ ਵਿਅਕਤੀਆ ਨੂੰ ਵਿਦੇਸੀ ਨੰਬਰਾ ਤੋ ਵਟਸਐਪ ਕਾਲ ਰਾਹੀ ਫਿਰੋਤੀਆ ਮੰਗੀਆ ਗਈਆ ਸਨ ਅਤੇ ਇਹਨਾ ਵੱਲੋ ਫਿਰੋਤੀ ਨਾ ਦੇਣ ਦੀ ਸੂਰਤ ਵਿੱਚ ਮਾਰ ਦੇਣ ਦੀਆ ਧਮਕੀਆ ਦਿੱਤੀਆ ਗਈਆ ਸਨ ਅਤੇ ਉਹਨਾ ਦੇ ਘਰਾ ਤੇ ਨਜਾਇਜ ਹਥਿਆਰਾ ਨਾਲ ਫਾਇਰਿੰਗ ਕੀਤੀ ਗਈ ਸੀ। ਜਿਸ ਦੇ ਸਬੰਧ ਵਿੱਚ ਥਾਣਾ ਜੰਡਿਆਲਾ ਵਿੱਚ ਮੁਕਦਮਾ ਨੰਬਰ 170 ਮਿਤੀ 5-7-2024 ਜੁਰਮ 308(4),62,351-ਬੀ.ਐੱਨ.ਐੱਸ ਅਸਲਾ ਐਕਟ ਅਤੇ ਮੁਕਦਮਾ ਨੰਬਰ 179 ਮਿਤੀ 13-7-2024 ਜੁਰਮ 308(4),62,351-ਬੀ.ਐੱਨ.ਐੱਸ ਅਸਲਾ ਐਕਟ ਦਰਜ ਕੀਤੇ ਗਏ।ਜਿਸ ਦੇ ਸਬੰਧ ਵਿੱਚ ਸ੍ਰੀ ਸਤਿੰਦਰ ਸਿੰਘ ਆਈ.ਪੀ.ਐੱਸ. ਮਾਨਯੋਗ ਐੱਸ.ਐੱਸ.ਪੀ. ਸਾਹਿਬ ਅੰਮ੍ਰਿਤਸਰ ਦਿਹਾਤੀ ਜੀ ਮਿਲੀਆ ਹਦਾਇਤਾ ਤੇ ਉਪ ਕਪਤਾਨ ਪੁਲਿਸ ਜੰਡਿਆਲਾ ਗੁਰੂ ਅਤੇ ਮੁੱਖ ਅਫਸਰ ਥਾਣਾ ਜੰਡਿਆਲਾ ਵੱਲੋਂ ਮਾਮਲੇ ਨੂੰ ਗੰਭੀਰਤਾ ਲੈਂਦੇ ਹੋਏ ਹਿਊਮਨ ਇੰਨਟੈਲੀਜੈਂਸੀ ਨਾਲ ਮਿਲ ਕੇ ਵਾਰਦਾਤ ਕਰਨ ਵਾਲੇ ਦੋਸੀਆ ਨੂੰ ਟ੍ਰੇਸ ਕੀਤਾ ਗਿਆ ਹੈ ਤੇ ਦੋਸੀ ਅਮਰਦੀਪ ਸਿੰਘ ਪੁੱਤਰ ਮੁਖਤਾਰ ਸਿੰਘ ਵਾਸੀ ਮੇਹਰਬਾਨਪੁਰਾ ਥਾਣਾ ਜੰਡਿਆਲਾ ਗੁਰੂ ਨੂੰ ਗ੍ਰਿਫਤਾਰ ਕੀਤਾ ਅਤੇ ਮੁਕਦਮਾ ਦੀ ਤਫਤੀਸ ਦੌਰਾਨ ਦੋਸੀ ਪਾਸੋ ਇੱਕ ਪਿਸਟਲ 30 ਬੋਰ ਅਤੇ ਪੰਜ ਰੋਂਦ ਜਿੰਦਾ ਬ੍ਰਾਮਦ ਕੀਤੇ ਗਏ ਹਨ।ਜੋ ਦੌਰਾਨੇ ਪੁੱਛ- ਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਸਰਵਨ ਸਿੰਘ ਉਰਫ ਭੋਲਾ ਵਾਸੀ ਹਵੇਲੀਆਂ ਅਤੇ ਮਾਨ ਸਿੰਘ ਉਰਫ ਮਾਨਾ ਵਾਸੀ ਮੇਹਰਬਾਨਪੁਰਾ ਥਾਣਾ ਜੰਡਿਆਲਾ ਗੁਰੂ ਵਿਦੇਸ ਤੋ ਆਪਣੇ ਹੋਰ ਸਾਥੀਆ ਜਿੰਨਾ ਵਿੱਚ ਇਕਬਾਲ ਸਿੰਘ ਉਰਫ ਰਾਜਾ ਪੁੱਤਰ ਸਮਸੇਰ ਸਿੰਘ,ਕਾਹਨ ਸਿੰਘ ਉਰਫ ਕਾਨ੍ਹਾ ਪੁੱਤਰ ਜਗੀਰ ਸਿੰਘ, ਅਕਾਸਦੀਪ ਸਿੰਘ ਉਰਫ ਕੁੱਜਾ ਪੁੱਤਰ ਹੀਰਾ ਸਿੰਘ ਸਾਰੇ ਹੀ ਵਾਸੀਆਨ ਪਿੰਡ ਮੇਹਰਬਾਨਪੁਰਾ ਨਾਲ ਮਿਲ ਕੇ ਇਹ ਗੈਂਗ ਚਲਾ ਰਹੇ ਹਨ ਤੇ ਕਾਰੋਬਾਰੀ ਲੋਕਾ ਨੂੰ ਡਰਾ ਧਮਕਾ ਕੇ ਉਹਨਾ ਪਾਸੋ ਫਿਰੋਤੀ ਵਸੂਲਦੇ ਹਨ। ਜੋ ਇਹਨਾ ਦੇ ਕਹਿਣ ਤੇ ਹੀ ਦੋਸੀਆ ਨੇ ਫਾਰਿੰਗ ਕੀਤੀ ਹੈ। ਤਫਤੀਸ ਦੇ ਦੌਰਾਨ ਇਹ ਗੱਲ ਸਹਮਣੇ ਆਈ ਹੈ ਕਿ ਸਰਵਨ ਸਿੰਘ ਉਰਫ ਭੋਲਾ ਜੋ ਇਸ ਸਮੇਂ ਬਾਹਰ ਵਿਦੇਸ ਵਿੱਚ ਹੈ ਦੇ ਵੱਲੋ ਜੋ ਪੈਸੇ ਇਹਨਾ ਨੂੰ ਦਿੱਤੇ ਹਨ ਉਹ ਪੈਸੇ ਇਹਨਾ ਵੱਲੋਂ ਆਪਣੇ ਪਰਿਵਾਰਿਕ ਮੈਂਬਰਾ ਅਤੇ ਰਿਸਤੇਦਾਰਾ ਨੂੰ ਵੀ ਦਿੱਤੇ ਗਏ ਹਨ ਹੈ।ਇਸ ਤੋਂ ਇਲਾਵਾ ਮੁਕਦਮਾ ਵਿੱਚ ਨਾਮਜਦ ਦੋਸੀ ਅਕਾਸਦੀਪ ਸਿੰਘ ਉਰਫ ਕੁੱਜਾ ਪੁੱਤਰ ਹੀਰਾ ਸਿੰਘ ਜੋ ਇਸ ਸਮੇ ਥਾਣਾ ਬਿਆਸ ਦੇ ਮੁਕਦਮਾ ਵਿੱਚ ਕੇਦਰੀ ਸੁਧਾਰ ਘਰ ਅੰਮ੍ਰਿਤਸਰ ਵਿੱਚ ਬੰਦ ਨੂੰ ਮੁਕਦਮਾ ਵਿੱਚ ਪ੍ਰੋਡੰਕਸ਼ਨ ਵਰੰਟ ਵਿੱਚ ਲਿਆ ਕੇ ਡੂੰਘਾਈ ਨਾਲ ਪੁੱਛ ਗਿੱਛ ਕੀਤੀ ਜਾਵੇਗੀ।



# ਸਲੇਮਪੁਰ ਟਰਾਂਸਪੋਰਟ ਵਿੰਗ ਅਤੇ ਭੁੱਲਰ ਰਾਜੋਮਾਜਰਾ ਮੁਲਾਜ਼ਮ ਵਿੰਗ ਪੰਜਾਬ ਦੇ ਬਣੇ ਪ੍ਰਧਾਨ



ਧੂਰੀ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਸਾਬਕਾ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸੰਗਰੂਰ ਵੱਲੋਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਵੇਖਦਿਆਂ ਹੋਇਆਂ ਸ਼੍ਰੋਮਣੀ ਅਕਾਲੀ ਦਲ ਪੀਏਸੀ ਦੇ ਮੈਂਬਰ ਸ, ਹਰਬੰਸ ਸਿੰਘ ਸਲੇਮਪੁਰ ਨੂੰ ਟਰਾਂਸਪੋਰਟ ਵਿੰਗ ਪੰਜਾਬ ਦਾ ਪ੍ਰਧਾਨ ਅਤੇ ਸ, ਬਾਸਵੀਰ ਸਿੰਘ ਭੁੱਲਰ ਰਾਜੋਮਾਜਰਾ ਨੂੰ ਮੁਲਾਜ਼ਮ ਵਿੰਗ ਪੰਜਾਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ । ਇਸ ਨਿਯੁਕਤੀ ਦੇ ਨਾਲ ਧੂਰੀ ਵਿਧਾਨ ਸਭਾ ਹਲਕੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਸਰਦਾਰ ਸਲੇਮਪੁਰ ਅਤੇ ਸਰਦਾਰ ਭੁੱਲਰ ਨੇ ਕਿਹਾ ਕਿ ਪਾਰਟੀ ਵੱਲੋਂ ਮਿਲੀ ਹੋਈ ਜਿੰਮੇਵਾਰੀ ਨੂੰ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਦੀ ਚੜ੍ਹਦੀ ਕਲਾ ਦੇ ਲਈ ਦਿਨ ਰਾਤ ਪਹਿਲਾਂ ਵਾਂਗ ਮਿਹਨਤ ਕਰਦੇ ਰਹਿਣਗੇ। ਅੰਤ ਵਿੱਚ ਉਹਨਾਂ ਨੇ ਪਾਰਟੀ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਦਾ ਦਿਲ ਦੀਆਂ ਗਹਿਰਾਈਆਂ ਵਿੱਚੋਂ ਧੰਨਵਾਦ ਕੀਤਾ ਜਿਨਾਂ ਨੇ ਉਹਨਾਂ ਦੀ ਮਿਹਨਤ ਨੂੰ ਦੇਖਦਿਆਂ ਹੋਇਆਂ ਇਹਨਾਂ ਅਹੁਦਿਆਂ ਦੇ ਕਾਬਲ ਸਮਝਿਆ ਹੈ।



# ਨਿਊ ਮਾਝਾ ਪ੍ਰੈਸ ਕਲੱਬ ਮਹਿਤਾ ਚੌਕ ਵਲੋਂ ਥੈਲੇਸੀਮੀਆ ਬਿਮਾਰੀ ਨਾਲ ਪੀੜਤ ਬੱਚਿਆਂ ਲਈ ਖੂਨ ਦਾਨ ਕੈਂਪ 27 ਜੁਲਾਈ ਨੂੰ



**ਚੌਕ ਮਹਿਤਾ, 24 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁੱਖੀ ਤੇ ਸੰਤ ਸਮਾਜ ਦੇ ਪ੍ਰਧਾਨ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਦੀ ਰਹਿਨੁਮਾਈ ਹੇਠ ਨਿਊ ਮਾਝਾ ਪ੍ਰੈਸ ਕਲੱਬ ਮਹਿਤਾ ਚੌਕ ਵਲੋਂ ਥੈਲੇਸੀਮੀਆ ਬਿਮਾਰੀ ਨਾਲ ਪੀੜਤ ਬੱਚਿਆਂ ਲਈ 27 ਜੁਲਾਈ ਦਿਨ ਸ਼ਨੀਵਾਰ ਨੂੰ ਦਸ਼ਮੇਸ਼ ਹੈਰੀਟੇਜ਼ ਸਕੂਲ ਮਹਿਤਾ ਚੌਕ ਵਿੱਚ ਖੂਨ ਦਾਨ ਕੈਂਪ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਬਾਬਤ ਜਾਣਕਾਰੀ ਦਿੰਦੇ ਹੋਏ ਪ੍ਰੈਸ ਕਲੱਬ ਦੇ ਪ੍ਰਧਾਨ ਬਲਜਿੰਦਰ ਸਿੰਘ ਬੱਲੀ ਰੰਧਾਵਾ ਅਤੇ ਦਸ਼ਮੇਸ਼ ਹੈਰੀਟੇਜ਼ ਸਕੂਲ ਮਹਿਤਾ ਦੇ ਡਾਇਰੈਕਟਰ ਸ.ਮਨਪ੍ਰੀਤ ਸਿੰਘ ਟੱਕਰ ਨੇ ਸਾਂਝੇ ਤੌਰ ਤੇ ਦੱਸਿਆ ਕਿ ਖੂਨ ਦਾਨ ਕੈਂਪ ਲਈ ਸਾਰੀਆਂ ਮੁੱਢਲੀਆਂ ਤਿਆਰੀਆਂ ਹੋ ਚੁੱਕੀਆਂ ਹਨ ਅਤੇ ਇਲਾਕੇ ਦੇ ਲੋਕਾਂ ਵਿੱਚ ਥੈਲੇਸੀਮੀਆ ਨਾਲ ਪੀੜਤ ਬੱਚਿਆਂ ਦੀ ਲੋੜ ਪੂਰੀ ਕਰਨ ਲਈ ਇਸ ਨੇਕ ਕਾਰਜ ਲਈ ਖੂਨ ਦਾਨ ਦੇਣ ਲਈ ਵੱਡਾ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਬਹੁਤ ਸਾਰੇ ਦਾਨੀ ਸੱਜਣਾਂ ਨੇ ਬਤੌਰ ਖੂਨ ਦਾਨੀ ਨਾਂਅ ਦਰਜ਼ ਕਰਵਾਏ ਹਨ। ਉਹਨਾਂ ਦਸਿਆ ਕਿ ਗੁਰੂ ਰਾਮਦਾਸ ਹਸਪਤਾਲ ਵੱਲ੍ਹਾ ਤੋਂ ਡਾਕਟਰਾਂ ਦੀ ਟੀਮ ਪਹੁੰਚ ਰਹੀ ਹੈ, ਜੋ ਦਾਨੀ ਸੱਜਣਾਂ ਰਾਹੀਂ ਦਾਨ ਕੀਤੇ ਖੂਨ ਦਾ ਪਲਾਜ਼ਮਾ ਇਕੱਤਰ ਕਰਕੇ ਥੈਲੇਸੀਮੀਆ ਬੀਮਾਰੀ ਨਾਲ ਪੀੜਤ ਬੱਚਿਆਂ ਦੀ ਸਿਹਤਯਾਬੀ ਲਈ ਵਰਤਣਗੇ। ਇਸ ਮੌਕੇ ਤੇ ਹੋਰ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਥੈਲੇਸੀਮੀਆ (ਖ਼ੂਨ ਨਾ ਬਣਨਾ) ਜਮਾਂਦਰੂ ਬਿਮਾਰੀ ਹੈ। ਇਸ ਰੋਗ ਕਾਰਨ ਨਵ-ਜਨਮੇ ਬੱਚੇ ਵਿਚ ਖ਼ੂਨ ਬਣਨ ਦੀ ਪ੍ਰਕਿਰਿਆ ਘੱਟ ਹੁੰਦੀ ਹੈ ਤੇ ਬੱਚੇ ਨੂੰ ਹਰ 10 ਜਾਂ 15 ਦਿਨਾਂ ਬਾਅਦ ਖ਼ੂਨ ਚੜ੍ਹਾਉਣ ਦੀ ਜ਼ਰੂਰਤ ਪੈਂਦੀ ਹੈ। ਸ਼ੁਰੂ ਵਿਚ ਇਹ ਬਿਮਾਰੀ ਅਰਬ ਮੁਲਕਾਂ ਵਿਚ ਹੁੰਦੀ ਸੀ। ਹੁਣ ਸਾਡੇ ਮੁਲਕ ਭਾਰਤ ਵਿਚ 4 ਕਰੋੜ ਤੋਂ ਵੱਧ ਔਰਤ-ਮਰਦ ਹਨ ਜੋ ਕਿ ਦੇਖਣ ਵਿਚ ਤੰਦਰੁਸਤ ਲੱਗਦੇ ਹਨ, ਪਰ ਇਸਦੇ ਬਾਵਜੂਦ, ਮਾਈਨਰ ਥੈਲੇਸੀਮਿਕ ਜੀਨ ਕੈਰੀਅਰ ਹੁੰਦੇ ਹਨ। ਇਸ ਮੌਕੇ ਤੇ ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਖ਼ੂਨ ਦਾਨ ਕੈਂਪ ਵਿੱਚ ਵੱਧ ਤੋਂ ਵੱਧ ਹਾਜ਼ਰ ਹੋ ਕੇ ਲੋੜਵੰਦਾਂ ਮਰੀਜ਼ਾਂ ਦੀ ਸੇਵਾ ਲਈ ਖ਼ੂਨ ਦਾਨ ਕਰਨ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪ੍ਰਿੰ .ਹਰਸ਼ਦੀਪ ਸਿੰਘ ਰੰਧਾਵਾ, ਡਾ.ਅਵਤਾਰ ਸਿੰਘ ਬੁੱਟਰ, ਸੁਖਵਿੰਦਰ ਸਿੰਘ, ਸਤਨਾਮ ਜੱਜ, ਜਗਦੀਸ਼ ਸਿੰਘ ਬੰਮਰਾਹ, ਜੋਗਿੰਦਰ ਸਿੰਘ ਮਾਹਣਾ, ਡਾਕਟਰ ਦਲਜੀਤ ਸਿੰਘ,ਦਵਿੰਦਰ ਸਿੰਘ ਰੰਧਾਵਾ,ਜਤਿੰਦਰ ਪਾਲ ਸਿੰਘ, ਗੁਰਮੀਤ ਸਿੰਘ ਸਦਾਰੰਗ, ਰਜਵਿੰਦਰ ਸਿੰਘ ਰੰਧਾਵਾ, ਵਰਿੰਦਰ ਬਾਊ, ਬਾਬਾ ਸੁਖਵੰਤ ਸਿੰਘ, ਉਪਕਾਰ ਸਿੰਘ ਬੱਲ ਨਿਰਮਲ ਸਿੰਘ, ਸੰਦੀਪ ਸਿੰਘ ਸਹੋਤਾ, ਸਮੇਤ ਹੋਰ ਕਈ ਸਜਣ ਵੀ ਹਾਜ਼ਰ ਸਨ।

# ਆਮ ਆਦਮੀ ਪਾਰਟੀ ਹੁਣ ਹਰਿਆਣੇ ਦੀਆਂ ਮਹਿਲਾਵਾਂ ਨਾਲ ਠੱਗੀ ਮਾਰਨ ਦੀ ਕੋਸ਼ਿਸ਼ ’ਚ : ਕਾਲਾ ਢਿੱਲੋਂ



**ਬਰਨਾਲਾ, ( ਰਣਜੀਤ ਸਿੰਘ ਪੇਧਨੀ )**-ਢਾਈ ਸਾਲ ਪਹਿਲਾਂ ਆਮ ਆਦਮੀ ਪਾਰਟੀ ਨੇ ਪੰਜਾਬ ਦੀਆਂ ਮਹਿਲਾਵਾਂ ਨਾਲ ਠੱਗੀ ਮਾਰੀ ਸੀ,ਤੇ ਹੁਣ ਹਰਿਆਣੇ ਦੀਆਂ ਮਹਿਲਾਵਾਂ ਨਾਲ ਠੱਗੀ ਮਾਰਨ ਦੀ ਕੋਸ਼ਿਸ਼ ਕਰ ਰਹੀ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਾਗਰਸ ਪਾਰਟੀ ਦੇ ਜਿਲ੍ਹਾ ਪ੍ਰਧਾਨ, ਬਰਨਾਲਾ ਵਿਧਾਨ ਸਭਾ ਤੋਂ ਕਾਂਗਰਸ ਪਾਰਟੀ ਦੇ ਪ੍ਰਮੁੱਖ ਉਮੀਦਵਾਰ, ਉਘੇ ਸਮਾਜ ਸੇਵੀ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਕੀਤਾ। ਉਨਾ ਕਿਹਾ ਕਿ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਬਹੁਤ ਸਾਰੇ ਨੇਤਾਵਾਂ ਨੇ ਕੇਜਰੀਵਾਲ ਦੀਆਂ ਪੰਜ ਗਰੰਟੀਆਂ ਵਿੱਚ ਮਹਿਲਾਵਾਂ ਨੂੰ 1000 ਰੁਪਏ ਮਹੀਨਾ ਦੇਣ ਦੀ ਗਰੰਟੀ ਦਿੱਤੀ ਹੈ। ਜੋ ਕਿ ਪੰਜਾਬ ਦੀਆਂ ਮਹਿਲਾਵਾਂ ਦਾ ਸਰੇਆਮ ਅਪਮਾਨ ਹੈ। ਮੁੱਖ ਮੰਤਰੀ ਸਾਹਿਬ ਪਹਿਲਾਂ ਪੰਜਾਬ ਦੀਆਂ ਮਹਿਲਾਵਾਂ ਨੂੰ ਹਜਾਰ ਰੁਪਏ ਮਹੀਨੇ ਦੇ ਹਿਸਾਬ ਨਾਲ ਢਾਈ ਸਾਲਾਂ ਦਾ ਬਣਦਾ ਤੀਹ ਹਜ਼ਾਰ ਰੁਪਏ ਤਾਂ ਦੇ ਦਿਓ ਫੇਰ ਹਰਿਆਣੇ ਦੀਆਂ ਮਹਿਲਾਵਾਂ ਨਾਲ ਵਾਅਦੇ ਕਰ ਲਿਓ। ਸ੍ਰੀ ਆਕਲੀਆ ਨੇ ਅੱਗੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨਸ਼ਿਆਂ ਦੇ ਮੁੱਦੇ ਤੇ ਵੀ ਫੇਲ੍ਹ ਸਾਬਿਤ ਹੋ ਰਹੀ ਹੈ। ਨਸ਼ਿਆਂ ਨਾਲ ਪੰਜਾਬ ਵਿੱਚ ਰੋਜਾਨਾ ਮਾਵਾਂ ਦੇ ਪੁੱਤ ਮਰ ਰਹੇ ਹਨ ਪਰ ਇਸ ਸਰਕਾਰ ਦੇ ਕੰਨ ਤੇ ਜੂੰਅ ਨਹੀਂ ਸਰਕ ਰਹੀ।

# ਪਾਣੀ ਤੇ ਰੁੱਖ ਬਚਾਉਣ ਨੂੰ ਤਰਜੀਹ ਦੇਣ ਲੋਕ: ਜਸਵੰਤ ਸਿੰਘ ਹਰਪੁਰਾ



ਧੂਰੀ ( ਰਣਜੀਤ ਸਿੰਘ ਪੇਧਨੀ ) ਧਰਤੀ ਨੂੰ ਹਰਾ-ਭਰਾ ਕਰਨ ਦੇ ਉਦੇਸ਼ ਨਾਲ ਦਿਨੋਂ-ਦਿਨ ਡੂੰਘਾ ਹੋ ਰਿਹਾ ਧਰਤੀ ਹੇਠਲਾ ਪਾਣੀ ਇੱਕ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ ਅਤੇ ਪ੍ਰਦੂਸ਼ਿਤ ਹੋ ਰਹੇ ਦਰਿਆ ਵੀ ਇਸ ਸੰਕਟ ਨੂੰ ਹੋਰ ਗੰਭੀਰ ਕਰ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਜਸਵੰਤ ਸਿੰਘ ਹਰਪੁਰਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪਾਣੀ ਤੇ ਵਾਤਾਵਰਨ ਨੂੰ ਬਚਾਉਣਾ ਸਮੇਂ ਦੀ ਵੱਡੀ ਲੋੜ ਹੈ ,ਹਰ ਮਨੁੱਖ ਨੂੰ ਵੱਧ ਤੋਂ ਵੱਧ ਛਾਂਦਾਰ ਦਰੱਖਤ ਲਗਾ ਕੇ ਉਸ ਦੀ ਸਾਭ ਸੰਭਾਲ ਕਰਨੀ ਬਹੁਤ ਜਰੂਰੀ ਹੈ । ਉਹਨਾਂ ਕਿਹਾ ਕਿ ਪਾਣੀ ਦੇ ਡੂੰਘੇ ਹੋ ਰਹੇ ਪ੍ਰਭਾਵ ਨੂੰ ਦੇਖਦਿਆਂ ਹੋਇਆਂ ਸਰਕਾਰਾਂ ਨੂੰ ਇਸ ਵੱਲ ਧਿਆਨ ਦੇਣਾ ਚਾਹੀਦਾ ਹੈ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਨੂੰ ਪਾਣੀ ਦੀ ਦਿੱਕਤ ਨਾ ਝੱਲਣੀ ਪਵੇ। ਜੇਕਰ ਇਸ ਨੂੰ ਨਾ ਰੋਕਿਆ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀਆਂ ਫਸਲਾਂ ਤੇ ਨਸਲਾਂ ਤਬਾਹੀ ਦੇ ਕੰਡੇ ਤੇ ਆ ਖੜਨਗੀਆਂ ਕਿਉਂਕਿ ਪੰਜਾਬ ਪਹਿਲਾਂ ਹੀ ਨਸਿਆਂ ਦੀ ਦਲਦਲ ਵਿੱਚ ਫਸਿਆ ਹੋਣ ਕਰਕੇ ਬਰਬਾਦੀ ਦੇ ਕੰਢੇ ਤੇ ਖੜਾ ਹੈ।

# ਡਿਊਟੀ ਗਏ ਰੇਲਵੇ ਮੁਲਾਜਮ ਦਾ ਮੋਟਰ ਸਾਈਕਲ ਚੋਰੀ



ਚੌਕ ਮਹਿਤਾ 23 ਜੁਲਾਈ( ਬਾਬਾ ਸੁਖਵੰਤ ਸਿੰਘ ਚੰਨਣਕੇ)-ਸੁਖਵਿੰਦਰ ਸਿੰਘ ਜੰਡੋਕੇ ਜਿਲਾ ਤਰਨ ਤਾਰਨ ਨੇ ਦੱਸਿਆ ਕਿ ਉਹ ਅੰਮ੍ਰਿਤਸਰ ਰੇਲਵੇ ਵਿਭਾਗ ਵਿੱਚ ਏ ਸੀ ਮਕੈਨਿਕ ਦੀ ਡਿਊਟੀ ਕਰਦੇ ਹਨ ਮਿਤੀ 11ਜੁਲਾਈ ਨੂੰ ਆਪਣਾ ਸਪਲੈਂਡਰ ਮੋਟਰਸਾਈਕਲ 86 ਡੀਲਕਸ PB37-J 8580 ਰੈਸਟ ਹਾਊਸ ਵਿਖੇ ਲੱਗਾ ਕੇ ਡਿਊਟੀ ਤੇ ਗਏ ਸਨ ਡਿਊਟੀ ਤੋ ਵਾਪਿਸ ਪਰਤ ਕੇ ਵੇਖਿਆ ਤਾਂ ਓਹਨਾ ਦਾ ਮੋਟਰਸਾਈਕਲ ਮੌਜੂਦ ਨਹੀਂ ਸੀ ਜਿਸਦੀ ਕਾਫੀ ਜ਼ਿਆਦਾ ਭਾਲ ਕੀਤੀ ਗਈ ਸੁਖਵਿੰਦਰ ਸਿੰਘ ਨੇ ਕਿਹਾ ਕਿ ਉਹਨਾਂ ਵਲੋ ਪੁਲਿਸ ਥਾਣਾ ਜੀ ਆਰ ਪੀ ਵਿਖੇ ਸ਼ਿਕਾਇਤ ਦਰਜ ਕਰਵਾ ਦਿੱਤੀ ਹੈ

### ਖਾਲਸਾ ਕਾਲਜ ਮਹਿਤਾ ਬੀ.ਸੀ.ਏ ਚੌਥੇ ਅਤੇ

# ਛੇਵੇਂ ਸਮੈਸਟਰ ਦਾ ਸ਼ਾਨਦਾਰ ਨਤੀਜਾ




**ਚੌਕ ਮਹਿਤਾ, 24 ,ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਬੀ.ਸੀ.ਏ ਚੌਥੇ ਅਤੇ ਛੇਵੇਂ ਸਮੈਸਟਰ ਦੇ ਨਤੀਜੇ 100% ਰਹੇ। ਜਿਸ ਵਿੱਚ ਬੀ.ਸੀ.ਏ ਸਮੈਸਟਰ ਚੌਥੇ ਦੀ ਹਰਜੋਤ ਕੌਰ 82% ,ਮਨਪ੍ਰੀਤ ਕੌਰ 79%,ਕਿਰਨਜੀਤ ਕੌਰ ,ਸਿਮਰਨਜੀਤ ਕੌਰ ਤੇ ਕੋਮਲਪ੍ਰੀਤ ਕੌਰ 75% ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ । ਬੀ.ਸੀ.ਏ ਸਮੈਸਟਰ ਛੇਵੇਂ ਦੀ ਸਾਕੀਰਤ ਕੌਰ 88%, ਸ਼ਰਨਜੀਤ ਕੌਰ 87%, ਰਮਨਪ੍ਰੀਤ ਕੌਰ ਅਤੇ ਅੰਮ੍ਰਿਤ ਪਾਲ ਸਿੰਘ 86% ਅੰਕ ਪ੍ਰਾਪਤ ਕਰਕੇ ਪਹਿਲੇ ਦੂਜੇ ਤੇ ਤੀਜੇ ਸਥਾਨ ਹਾਸਲ ਕਰਕੇ ਆਪਣੇ ਮਾਪਿਆਂ ਅਤੇ ਕਾਲਜ ਦਾ ਮਾਨ ਵਧਾਇਆ। ਇਸ ਮੌਕੇ ਖੁਸ਼ੀ ਜ਼ਾਹਿਰ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਉਹਨਾਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਇਸੇ ਯਤਨ ਵਿੱਚ ਰਹਿੰਦੀ ਹੈ ਕਿ ਵਿਦਿਆਰਥੀਆਂ ਨੂੰ ਅਜਿਹੀ ਵਿਦਿਅਕ ਸਿਖਲਾਈ ਦਿੱਤੀ ਜਾਵੇ ਜਿਸ ਨਾਲ ਉਹ ਵਰਤਮਾਨ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਕਾਬਲ ਬਣ ਸਕਣ ਅਤੇ ਆਧੁਨਿਕ ਮੁਕਾਬਲੇ ਵਾਲੇ ਯੁੱਗ ਵਿੱਚ ਆਪਣੀ ਨਿਵੇਕਲੀ ਪਹਿਚਾਣ ਬਣਾ ਸਕਣ ਅਤੇ ਨਾਲ ਹੀ ਉਹਨਾਂ ਨੇ ਆਪਣੇ ਕਾਲਜ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਸੁਨਹਿਰੀ ਮੌਕੇ ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਡਾ. ਜਤਿੰਦਰ ਸ਼ਰਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ ,ਕਿਰਨਬੀਰ ਕੌਰ, ਗੁਰਸ਼ਰਨਪ੍ਰੀਤ ਕੌਰ, ਕੁਲਜੀਤ ਕੌਰ, ਪੂਰਤੀ ਸ਼ਰਮਾ, ਰੇਨੂਕਾ, ਮਨਜੀਤ ਕੌਰ ,ਗੁਰਵਿੰਦਰ ਕੌਰ, ਰੁਪਿੰਦਰ ਕੌਰ, ਸੁਪ੍ਰੀਤ ਕੌਰ,ਨਵਨੀਤ ਕੌਰ, ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਕਾਲਜ ਵਿੱਚ ਪੜ੍ਹਾਈ ਨਾਲ ਸੰਬੰਧਿਤ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਕਰਕੇ ਅਤੇ ਸ਼ਾਨਦਾਰ ਨਤੀਜਿਆਂ ਨੂੰ ਦੇਖ ਇਲਾਕੇ ਦੇ ਵਿਦਿਆਰਥੀਆਂ ਵੱਲੋਂ ਸੰਸਥਾ ਵਿੱਚ ਦਾਖਲਾ ਲੈਣ ਲਈ ਬਹੁਤ ਉਤਸ਼ਾਹ ਦਿਖਾਇਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਦਸ਼ਮੇਸ਼ ਕਾਲਜ, ਮਹਿਤਾ ਚੌਂਕ ਦੇ

# ਬੀ.ਏ. ਭਾਗ ਤੀਜਾ ਦਾ ਨਤੀਜਾ ਰਿਹਾ ਸ਼ਲਾਘਾਯੋਗ



**ਚੌਂਕ ਮਹਿਤਾ,24 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਬੀ.ਏ. ਭਾਗ ਤੀਜਾ ਸਮੈਸਟਰ ਛੇਵਾਂ ਦੇ ਤਾਜ਼ੇ ਐਲਾਨੇ ਗਏ ਨਤੀਜਿਆਂ ਵਿੱਚ ਦਸ਼ਮੇਸ਼ ਕਾਲਜ ਫਾਰ ਵਿਮਨ, ਮਹਿਤਾ ਚੌਂਕ ਦੇ ਵਿਦਿਆਰਥੀਆਂ ਦਾ ਨਤੀਜਾ ਪ੍ਰਸੰਸਾਯੋਗ ਰਿਹਾ ।ਸਮੈਸਟਰ ਛੇਵਾਂ ਦੇ ਸਾਰੇ ਵਿਦਿਆਰਥੀਆ ਨੇ ਬਹੁਤ ਵਧੀਆ ਅੰਕ ਪ੍ਰਾਪਤ ਕੀਤੇ ਅਤੇ ਸਾਰੇ ਵਿਦਿਆਰਥੀਆਂ ਦਾ ਨਤੀਜਾ ਸੌ ਫੀਸਦੀ ਰਿਹਾ ।ਵਿਦਿਆਰਥੀਆ, ਕਾਲਜ਼ ਸਟਾਫ਼ ਅਤੇ ਮਾਪਿਆਂ ਨੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾਇਆ ਅਤੇ ਨਤੀਜੇ ਲਈ ਪਰਮਾਤਮਾ ਦਾ ਸ਼ੁਕਰਾਨਾ ਕੀਤਾ। ਬੀ.ਏ. ਸਮੈਸਟਰ ਛੇਵਾਂ ਵਿੱਚ ਵਨੀਤਾ ਨੇ 1868/2400 (77%) ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ। ਇਸਦੇ ਨਾਲ ਨਵਜੋਤ ਕੌਰ 1837/2400 (76%) ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਦੂਸਰੇ ਸਥਾਨ 'ਤੇ ਰਹੀ ਅਤੇ ਸਿਮਰਜੀਤ ਕੌਰ ਨੇ 1766/2400 (73%) ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਤੀਸਰਾ ਸਥਾਨ ਹਾਸਿਲ ਕੀਤਾ ।ਬਾਕੀ ਵਿਦਿਆਰਥਣਾਂ ਦਾ ਵੀ ਨਤੀਜਾ ਸ਼ਲਾਘਾਯੋਗ ਰਿਹਾ ।ਦਸ਼ਮੇਸ਼ ਕਾਲਜ ਫਾਰ ਵਿਮਨ, ਹਲਕੇ ਵਿੱਚ ਸ਼ੁਰੂ ਤੋਂ ਹੀ ਬਹੁਤ ਘੱਟ ਫ਼ੀਸਾਂ ਲੈ ਕੇ ਲੜਕੀਆਂ ਦੇ ਭਵਿੱਖ ਵੱਲ ਵਿਸ਼ੇਸ਼ ਉਪਰਾਲੇ ਕਰਦਾ ਆ ਰਿਹਾ ਹੈ। ਜਿਸ ਵਿੱਚ ਉਹਨਾਂ ਨੂੰ ਬੀ.ਏ, ਬੀ.ਐੱਸ. ਈ. ਕੰਪਿਊਟਰ ਅਤੇ ਬੀ.ਕਾਮ. ਜਿਹੇ ਕੋਰਸ ਕਰਵਾਏ ਜਾਂਦੇ ਹਨ।

ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਹਨਾਂ ਨੂੰ ਆਉਣ ਵਾਲੇ ਭਵਿੱਖ ਵਿੱਚ ਕਾਮਯਾਬੀ ਮਿਲਦੀ ਰਹੇ ਦੀ ਅਰਦਾਸ ਬੇਨਤੀ ਕੀਤੀ ।ਕਾਲਜ ਸਟਾਫ਼ ਅਤੇ ਵਿਦਿਆਰਥੀਆਂ ਦੇ ਚਿਹਰੇ ਨੂੰ ਲੈ ਕੇ ਖੁਸ਼ ਦਿਖਾਈ ਦਿੱਤੇ ।ਵਿਦਿਆਰਥਣਾਂ ਦੀ ਹੌਂਸਲਾ ਅਫ਼ਜਾਈ ਸਮੇਂ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਵਾਈਸ ਪ੍ਰਿੰਸੀਪਲ ਮੈਡਮ ਬਲਜੀਤ ਕੌਰ, ਕੋ ਆਰਡੀਨੇਟਰ ਮੈਡਮ ਰਵਿੰਦਰ ਕੌਰ ਅਤੇ ਮੈਡਮ ਅਰਸ਼ਪ੍ਰੀਤ ਮੌਜੂਦ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗਲੋਬਲ ਇੰਸਟੀਚਿਊਟ ਅਤੇ ਚਾਂਦ ਸਟਾਰ ਫਿਲਮ ਪ੍ਰੋਡਕਸ਼ਨ ਵੱਲੋਂ ਕਰਵਾਇਆ ਵਿਸ਼ਾਲ ਟੈਲੇਂਟ ਸ਼ੋ


**ਚੌਕ ਮਹਿਤਾ, 24 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਬੱਚਿਆਂ ਵਿੱਚ ਛੁਪੇ ਹੋਏ ਟੈਲੇਂਟ ਨੂੰ ਉਜਾਗਰ ਕਰਨ ਦੇ ਉਦੇਸ਼ ਕਾਰਨ ਰਾਜ ਪੱਧਰ ਤੇ ਵਿਸ਼ਾਲ ਟੈਲੇਂਟ ਸ਼ੋ ਦਾ ਆਯੋਜਨ ਗਲੋਬਲ ਇੰਸਟੀਚਿਊਟ ਦੇ ਚੇਅਰਮੈਂਨ ਸਮਾਜ ਸੇਵੀ ਸ਼੍ਰੀ ਅਰੂਣ ਖੰਨਾ ਅਤੇ ਚਾਂਦ ਫਿਲਮ ਪ੍ਰੋਡਕਸ਼ਨ ਦੇ ਡਾਇਰੈਕਟਰ ਸ਼੍ਰੀ ਚਾਂਦ ਵੱਲੋਂ ਮਾਧਵ ਵਿਧਿਆ ਨਿਕੇਤਨ ਦੇ ਐਡੀਟੋਰਿਅਮ ਵਿੱਚ ਕਰਵਾਇਆ ਗਿਆ। ਇਹ ਪ੍ਰੋਗਰਾਮ 10 ਘੰਟੇ ਤੱਕ ਚੱਲਿਆ ਜਿਸ ਵਿੱਚ ਬੱਚਿਆਂ ਨੇ ਅਪਣੇ ਡਾਂਸ, ਭੰਗੜਾ, ਗਿੱਧਾ ਅਤੇ ਗੀਤ ਨਾਲ ਪੂਰੇ ਭਰੇ ਹੋਏ ਹਾਲ ਵਿੱਚ ਲੋਕਾਂ ਦੀਆਂ ਤਾੜੀਆਂ ਬਟੋਰੀਆਂ। ਗਲੋਬਲ ਇੰਸਟੀਚਿਊਟ ਦੀ ਸੰਰਕਸ਼ਕ ਸਮਾਜ ਸੇਵੀਕਾ ਡਾ. ਸਵਰਾਜ ਗਰੋਵਰ ਵੱਲੋਂ ਤਿੰਨ ਵਾਰ ਗਾਯਤਰੀ ਮੰਤਰ ਦੇ ਉਚਾਰਣ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਸਮਾਜ ਸੇਵੀ ਨੇਤਾ ਸ਼੍ਰੀ ਵਿਕਾਸ ਸੋਨੀ, ਵਪਾਰ ਮੰਡਲ ਅਧਿਯਕਸ਼ ਸ਼੍ਰੀ ਪਿਆਰੇ ਲਾਲ ਸੇਠ, ਖਤਰੀ ਮਹਾ ਸਭਾ ਦੇ ਮਹਾਸਚਿਵ ਸ਼੍ਰੀ ਸੁਨੀਲ ਖੰਨਾ, ਕਾਮੇਡੀ ਐਕਟਰ ਸ਼੍ਰੀ ਸੁਰਿੰਦਰ ਫਰਿਸ਼ਤਾ, ਸ਼੍ਰੀ ਨਰੇਸ਼ ਮੁਦਗਲ, ਸਮਾਜ ਸੇਵੀ ਸ਼੍ਰੀ ਸ਼ਾਮ ਸੁੰਦਰ ਕਪੂਰ, ਅਮਰਜੀਤ ਕਾਲੀਆ, ਨਰਿੰਦਰ



ਕਪੂਰ, ਰਿੰਕੂ, ਪੀ.ਐਨ.ਸ਼ਰਮਾ ਅਤੇ ਹੋਰ ਸਕਸ਼ੀਅਤਾਂ ਨੇ ਦੀਪ ਰੋਸ਼ਨ ਕਰਕੇ ਪ੍ਰੋਗਰਾਮ ਦੀ ਸ਼ੋਭਾ ਵਦਾਈ। ਸ਼੍ਰੀ ਵਿਕਾਸ ਸੋਨੀ ਨੇ ਪ੍ਰੋਗਾਰਮ ਦੀ ਤਾਰੀਫ ਕਰਦੇ ਹੋਏ ਕਲਾਕਾਰਾਂ ਅਤੇ ਬੱਚਿਆਂ ਦਾ ਹੋਸਲਾਂ ਵਧਾਈਆ। ਸ਼੍ਰੀ ਅਰੂਣ ਖੰਨਾ ਨੇ ਕਿਹਾ ਕਿ ਇਸ ਪ੍ਰੋਗਰਾਮ ਨੂੰ ਕਰਨ ਦਾ ਉਦੇਸ਼ ਬੱਚਿਆਂ ਨੂੰ ਨਸ਼ੇ ਤੋਂ ਦੂਰ ਕਰ ਕੇ ਉਹਨਾਂ ਦੀ ਕਲਾਕਾਰੀ ਨੂੰ ਨਿਖਾਰਣਾ ਹੈ। ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਟੈਲੇਂਟ ਸ਼ੋ ਬੱਚਿਆਂ ਲਈ ਮੀਲ ਦਾ ਪੱਥਰ ਸਾਬਤ ਹੋਣਗੇ। ਸ਼੍ਰੀ ਚਾਂਦ ਨੇ ਕਿਹਾ ਕਿ ਇਹੋ ਜਿਹੇ ਟੈਲੇਂਟ ਸ਼ੋ ਹਮੇਸ਼ਾ ਹੁੰਦੇ ਰਹਿਣਗੇ। ਬੱਚਿਆਂ ਨੂੰ ਪ੍ਰਮਾਣ ਪੱਤਰ ਅਤੇ ਅਵਾਰਡ ਦਿੱਤੇ ਗਏ। ਸ਼੍ਰੀ ਅਰੂਣ ਖੰਨਾ ਨੇ ਮਹਿਮਾਨਾ ਦਾ ਧੰਨਵਾਦ ਕੀਤਾ ਅਤੇ ਰਾਸ਼ਟਰ ਗੀਤ ਨਾਲ ਪ੍ਰੋਗਰਾਮ ਸਮਾਪਤ ਕੀਤਾ ਗਿਆ।

# ਪੱਤਰਕਾਰਾਂ ਨੂੰ ਰੇਲਵੇ ਸਫਰ ਦੌਰਾਨ 50% ਕਿਰਾਇਆ ਮੁਆਫ ਹੋਣ ਦੇ ਅਮਲ ਨੂੰ ਬਹਾਲ ਕੀਤਾ ਜਾਵੇ, ਦਿੱਲੀ ਦੀ ਤਰ੍ਹਾਂ 20 ਹਜਾਰ ਪੈਨਸ਼ਨ ਦੇਣ ਦਾ ਐਲਾਨ ਵੀ ਹੋਵੇ : ਟਿਵਾਣਾ

**ਨਵੀਂ ਦਿੱਲੀ, 24 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:-"ਮੁਲਕ ਦੇ ਮੀਡੀਏ ਅਤੇ ਅਖਬਾਰਾਂ ਨਾਲ ਸੰਬੰਧਤ ਪੱਤਰਕਾਰ ਸਮੂਹ ਬਹੁਤ ਹੀ ਔਖੇ ਜੋਖਮ ਭਰੇ ਸਰਦੀ-ਗਰਮੀ-ਮੀਹ-ਹਨ੍ਹੇਰੀ ਵਰਦੀਆਂ ਗੋਲੀਆਂ ਵਿਚ ਆਪਣੀਆ ਜਿੰਮੇਵਾਰੀਆ ਪੂਰਨ ਕਰਕੇ ਮੁਲਕ ਨਿਵਾਸੀਆ ਨੂੰ ਹਰ ਤਰ੍ਹਾਂ ਦੇ ਮੁੱਦੇ ਅਤੇ ਵਾਪਰਣ ਵਾਲੀਆ ਘਟਨਾਵਾ ਦੇ ਸੱਚ ਤੋ ਜਾਣੂ ਕਰਵਾਉਣ ਦੀ ਜਿੰਮੇਵਾਰੀ ਨਿਭਾਉਦੇ ਹਨ ।ਇਨ੍ਹਾਂ ਦੀ ਜਿੰਦਗੀ ਹਮੇਸ਼ਾਂ ਜੋਖਮ ਭਰੀ ਬਣੀ ਰਹਿੰਦੀ ਹੈ ।ਇਸ ਲਈ ਸੈਟਰ ਦੀ ਮੋਦੀ ਹਕੂਮਤ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਚਾਹੀਦਾ ਹੈ ਕਿ ਜੋ ਸਰਕਾਰ ਵੱਲੋ ਪੱਤਰਕਾਰਾਂ ਨੂੰ ਸਰਕਾਰੀ ਸਹੂਲਤਾਂ ਪ੍ਰਦਾਨ ਕਰਨ ਵਾਲੇ 'ਪੀਲੇ ਕਾਰਡ' ਪ੍ਰੈਸ ਟਰੱਸਟ ਆਫ ਇੰਡੀਆ ਵੱਲੋ ਜਾਰੀ ਕਰਨ ਦੇ ਲਈ ਫੈਸਲਾ ਕੀਤਾ ਗਿਆ ਹੈ, ਉਸ ਯੋਜਨਾ ਅਧੀਨ ਇਹ ਪੀਲੇ ਕਾਰਡ ਫੌਰੀ ਜਾਰੀ ਕਰਕੇ ਉਨ੍ਹਾਂ ਨੂੰ ਬਣਦੀਆਂ ਸਹੂਲਤਾਂ ਪ੍ਰਦਾਨ ਕੀਤੀਆ ਜਾਣ ।"



ਇਹ ਵਿਚਾਰ ਸ.ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਮੁੱਚੇ ਮੁਲਕ ਅਤੇ ਪੰਜਾਬ ਸੂਬੇ ਦੇ ਪੱਤਰਕਾਰਾਂ ਨਾਲ ਸੈਟਰ ਅਤੇ ਪੰਜਾਬ ਦੀਆਂ ਸਰਕਾਰਾਂ ਵੱਲੋ ਕੀਤੀ ਜਾ ਰਹੀ ਬੇਇਨਸਾਫ਼ੀ ਵਿਰੁੱਧ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਬਿਨ੍ਹਾਂ ਤੇ ਸਖਤ ਸਟੈਡ ਲੈਦੇ ਹੋਏ ਪ੍ਰੈਸ ਟਰੱਸਟ ਆਫ ਇੰਡੀਆ ਦੇ ਜਾਰੀ ਫੈਸਲੇ ਅਨੁਸਾਰ ਇਨ੍ਹਾਂ ਨੂੰ ਵੱਖ ਵੱਖ ਸਮਿਆ ਵਿਚ ਸਹੂਲਤਾਂ ਦੇਣ ਵਾਲੇ ਪੀਲੇ ਕਾਰਡ ਤੁਰੰਤ ਜਾਰੀ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਪਹਿਲੇ ਸੈਟਰ ਸਰਕਾਰ ਨੇ ਪੱਤਰਕਾਰਾਂ ਨੂੰ ਇਕ ਸਥਾਂਨ ਤੋ ਦੂਜੇ ਸਥਾਂਨ ਤੇ ਰੇਲ ਸਫਰ ਕਰਦੇ ਹੋਏ ਕਿਰਾਏ ਵਿਚੋ 50% ਮੁਆਫ ਕੀਤਾ ਹੋਇਆ ਸੀ ।ਜਿਸ ਨੂੰ ਸਰਕਾਰ ਨੇ ਬੰਦ ਕਰਕੇ ਇਨ੍ਹਾਂ ਨਾਲ ਵੱਡਾ ਜ਼ਬਰ ਕੀਤਾ ਹੈ ।ਇਸੇ ਤਰ੍ਹਾਂ ਜੋ ਸੈਟਰ ਦੀ ਦਿੱਲੀ ਸਰਕਾਰ ਵੱਲੋ ਪੱਤਰਕਾਰਾਂ ਨੂੰ ਮਹੀਨਾਵਾਰ 20 ਹਜਾਰ ਰੁਪਏ ਬਤੌਰ ਪੈਨਸਨ ਭੱਤਾ ਦੇਣਾ ਐਲਾਨਿਆ ਹੋਇਆ ਹੈ, ਉਸ ਆਧਾਰ ਤੇ ਪੰਜਾਬ ਸਰਕਾਰ ਵੱਲੋ ਵੀ ਜੋ ਪੱਤਰਕਾਰਾਂ ਨੂੰ 12 ਹਜਾਰ ਤਹਿ ਕੀਤਾ ਹੋਇਆ ਹੈ ਉਸ ਨੂੰ ਵਧਾਕੇ ਸੈਟਰ ਦੇ ਬਰਾਬਰ 20 ਹਜਾਰ ਕਰਕੇ ਉਸਦਾ ਤੁਰੰਤ ਭੁਗਤਾਨ ਕਰਨ ਦਾ ਪ੍ਰਬੰਧ ਕੀਤਾ ਜਾਵੇ ।ਤਾਂ ਕਿ ਇਨ੍ਹਾਂ ਪੱਤਰਕਾਰਾਂ ਦੀ ਆਪਣੀ ਜਿੰਦਗੀ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਜਿੰਦਗੀ ਵਿਚ ਆਉਣ ਵਾਲੀਆ ਮੁਸਕਿਲਾਂ ਨੂੰ ਹੱਲ ਕਰਨ ਵਿਚ ਹਕੂਮਤੀ ਪੱਧਰ ਤੇ ਬਣਦਾ ਸਹਿਯੋਗ ਮਿਲ ਸਕੇ ਅਤੇ ਪੱਤਰਕਾਰ ਵੀਰ ਆਪਣੀ ਜਿੰਮੇਵਾਰੀ ਨਿਭਾਉਦੇ ਹੋਏ ਸੁਰੱਖਿਅਤ ਮਹਿਸੂਸ ਕਰ ਸਕਣ ।ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਪੱਤਰਕਾਰਾਂ ਦੀਆਂ ਇਹ ਲੋੜੀਦੀਆਂ ਮੰਗਾਂ ਸੈਟਰ ਤੇ ਪੰਜਾਬ ਸਰਕਾਰ ਪਹਿਲ ਦੇ ਆਧਾਰ ਤੇ ਪੂਰਨ ਕਰਕੇ ਉਨ੍ਹਾਂ ਨੂੰ ਆਉਣ ਵਾਲੀਆ ਰੁਕਾਵਟਾਂ ਤੇ ਮੁਸਕਿਲਾਂ ਨੂੰ ਦੂਰ ਕਰੇਗੀ ।





ਤੇਰੀ ਓਟ ਆਸ਼ੀਆਨਾ ਗਦਲੀ ਵਿਖੇ ਸਵਰਗਵਾਸੀ ਸ, ਚਰਨਜੀਤ ਸਿੰਘ ਦੀ ਨੰਦਾ ਕਨੈਡਾ ਵਾਲਿਆਂ ਦੀ ਸਲਾਨਾ ਬਰਸੀ ਮਨਾਈ ਗਈ, ਇਸ ਦੌਰਾਨ ਪਵਿੱਤਰ ਪਾਵਨ ਸੁਖਮਨੀ ਸਾਹਿਬ ਜੀ ਜਾਪੁ ਕੀਤੇ ਗਏ ।ਉਪਰੰਤ ਬੱਚਿਆਂ ਨੇ ਗੁਰਬਾਣੀ ਦੇ ਕੀਰਤਨ ਸਰਵਨ ਕਰਾਇਆ ਗਿਆ। ਉਪਰੰਤ ਸ, ਚਰਨਜੀਤ ਸਿੰਘ ਨੰਦਾ ਕਨੈਡਾ ਦੀ ਯਾਦ ਵਿੱਚ ਪੌਦੇ ਲਾਉਣਦੇ ਹੋਇ ਤੇਰੀ ਓਟ ਆਸੀਆਨਾ ਦੇ ਮੁੱਖੀ ਮਹਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ (ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ)

ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ

ਆਵਾਜ਼ਿ ਕੌਮ AWAZE QAUM International Newspaper & WEB TV



## ਜਨਮ ਦਿਨ ਮੁਬਾਰਕ



**ਸੁਖਮਨੀ ਕੌਰ**
ਪਿਤਾ : ਹਰਪਾਲ ਸਿੰਘ
ਮਾਤਾ : ਅੰਮ੍ਰਿਤ ਕੌਰ
ਵਾਸੀ ਅੰਮ੍ਰਿਤਸਰ

### ਪੰਜਾਬ ਸਰਕਾਰ ਵੱਲੋਂ ਵਨ-ਟਾਈਮ ਸੈਟਲਮੈਂਟ ਸਕੀਮ ਵਿੱਚ

# 16 ਅਗਸਤ ਤੱਕ ਵਾਧਾ : ਚੇਅਰਮੈਨ ਅਨਿਲ ਠਾਕੁਰ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਅਨਿਲ ਠਾਕੁਰ ਨੇ ਵਪਾਰੀਆਂ ਨੂੰ ਪੰਜਾਬ ਸਰਕਾਰ ਦੀ ਵਨ ਟਾਈਮ ਸੈਟਲਮੈਂਟ ਸਕੀਮ (ਓਟੀਐਸ) ਦਾ ਲਾਭ ਲੈਣ ਦਾ ਸੱਦਾ ਦਿੱਤਾ ਹੈ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਹਿਲਾਂ ਇਸ ਸਕੀਮ ਦਾ ਲਾਭ ਉਠਾਉਣ ਲਈ 31 ਜੁਲਾਈ ਅੰਤਿਮ ਤਾਰੀਖ ਨਿਰਧਾਰਿਤ ਕੀਤੀ ਗਈ ਸੀ ਪਰ ਹੁਣ ਸਰਕਾਰ ਵੱਲੋਂ ਇਸ ਸਕੀਮ ਨੂੰ 16 ਅਗਸਤ ਤੱਕ ਵਧਾ ਦਿੱਤਾ ਗਿਆ ਹੈ ।

**ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਵਲੋਂ ਉਦਯੋਗਪਤੀਆਂ ਅਤੇ ਵਪਾਰੀਆਂ ਨੂੰ ਵਨ-ਟਾਈਮ ਸੈਟਲਮੈਂਟ ਸਕੀਮ ਦਾ ਲਾਭ ਲੈਣ ਦਾ ਸੱਦਾ**

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੰਜਾਬ ਰਾਜ ਟਰੇਡਰਜ਼ ਕਮਿਸ਼ਨ, ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਚੰਡੀਗੜ੍ਹ ਦੇ ਚੇਅਰਮੈਨ ਅਨਿਲ ਠਾਕੁਰ ਨੇ ਉਦਯੋਗਪਤੀਆਂ ਅਤੇ ਵਪਾਰੀਆਂ ਦੀਆਂ ਸਮੱਸਿਆਵਾਂ ਸੁਣਦਿਆਂ ਉਨ੍ਹਾਂ ਨੂੰ ਆਪਣੇ ਟੈਕਸਾਂ ਦੇ ਬਕਾਇਆਜਾਤ ਦਾ ਨਿਪਟਾਰਾ ਕਰਨ ਲਈ ਇਸ ਸਕੀਮ ਦਾ ਲਾਭ ਲੈਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਖਾਸ ਤੌਰ 'ਤੇ 1 ਕਰੋੜ ਤੱਕ ਦੀ ਕੁੱਲ ਮੰਗ ਵਾਲੇ ਕੇਸਾਂ ਲਈ। ਉਨ੍ਹਾਂ ਦੱਸਿਆ ਕਿ ਇਹ ਸਕੀਮ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸ਼ੁਰੂ ਕੀਤੀ ਗਈ ਸੀ ਜੋ ਕਿ ਹੁਣ 16 ਅਗਸਤ, 2024 ਤੱਕ ਲਾਗੂ ਰਹਿਣ ਵਾਲੀ ਯਕਮੁਸ਼ਤ ਨਿਪਟਾਰਾ ਯੋਜਨਾ ਵਪਾਰੀਆਂ ਲਈ ਬੇਹੱਦ ਲਾਹੇਵੰਦ ਸਕੀਮ ਹੈ, ਇਸ ਲਈ ਵਪਾਰੀਆਂ ਨੂੰ ਇਸ ਦਾ ਲਾਭ ਜਰੂਰ ਲੈਣਾ ਚਾਹੀਦਾ ਹੈ। ਮੀਟਿੰਗ ਦੌਰਾਨ, ਵੱਖ-ਵੱਖ ਵਪਾਰੀ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨੇ ਜੀਐਸਟੀ ਦੀਆਂ ਚੁਣੌਤੀਆਂ ਸਮੇਤ ਹੋਰ ਮੁਸ਼ਕਲਾਂ ਤੇ ਟੈਕਸ ਚੋਰੀ ਦਾ ਮੁਕਾਬਲਾ ਕਰਨ ਲਈ ਰਣਨੀਤੀ 'ਤੇ ਚਰਚਾ ਕੀਤੀ।ਅਨਿਲ ਠਾਕੁਰ ਨੇ ਵਪਾਰੀਆਂ ਨੂੰ ਵਨ ਟਾਈਮ ਸੈਟਲਮੈਂਟ ਸਕੀਮ ਦੀ ਸਹੂਲਤ ਲਈ ਇੱਕ ਸਾਧਨ ਵਜੋਂ ਮੇਰਾ ਬਿੱਲ ਐਪ ਬਾਰੇ ਜਾਣਕਾਰੀ ਦਿੱਤੀ ਅਤੇ ਵੱਖ-ਵੱਖ ਵਿੰਗਾਂ ਜਿਵੇਂ ਕਿ ਆਬਕਾਰੀ, ਮੋਬਾਈਲ ਅਤੇ ਜੀਐਸਟੀ ਵਿੰਗਾਂ ਨਾਲ ਸਬੰਧਤ ਸਮੱਸਿਆਵਾਂ ਵੀ ਸੁਣੀਆਂ।ਵਪਾਰੀਆਂ ਅਤੇ ਵਿਭਾਗ ਦਰਮਿਆਨ ਟੈਕਸ ਚੋਰੀ ਨਾਲ ਨਜਿੱਠਣ, ਮਾਲੀਆ ਇਕੱਠਾ ਕਰਨ ਵਿੱਚ ਵਾਧਾ ਕਰਨ ਅਤੇ ਕੇਸਾਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣ ਲਈ ਮਹੱਤਵਪੂਰਨ ਚਰਚਾ ਕੀਤੀ। ਵਪਾਰੀਆਂ ਅਤੇ ਵਿਭਾਗ ਨੇ ਇਹਨਾਂ ਉਦੇਸ਼ਾਂ ਨੂੰ ਪ੍ਰਾਪਤ ਕਰਨ ਲਈ ਇਕ ਦੂਜੇ ਨਾਲ ਮਿਲਵਰਤਨ ਕਰਨ ਲਈ ਵਚਨਬੱਧਤਾ ਪ੍ਰਗਟਾਈ।

ਮੀਟਿੰਗ ਦੌਰਾਨ ਸਹਾਇਕ ਕਮਿਸ਼ਨਰ (ਰਾਜ ਕਰ) ਸੁਨੀਤਾ ਬੱਤਰਾ, ਰਾਜ ਕਰ ਅਫ਼ਸਰ, ਆਬਕਾਰੀ ਅਫ਼ਸਰ, ਐਸੋਸੀਏਸ਼ਨ ਆਫ ਇੰਡਸਟਰੀਜ ਐਂਡ ਟਰੇਡਰਜ਼ ਸੰਗਰੂਰ, ਜ਼ਿਲਾ ਸੰਗਰੂਰ ਦੇ ਉਦਯੋਗਪਤੀ ਅਤੇ ਵਪਾਰਕ ਸੰਸਥਾਵਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

### ਸਰਕਾਰੀ ਹਾਈ ਸਕੂਲ, ਟਾਂਗਰਾ ਵਿਖੇ ਰੋਟਰੀ ਕਲੱਬ ਦੁਆਰਾ

# ਪੌਦੇ ਲਗਾਏ ਗਏ ਅਤੇ ਸਿੱਖਿਆ ਸਪਤਾਹ ਮਨਾਉਣ ਦੀ ਸ਼ੁਰੂਆਤ ਕੀਤੀ






**ਜੰਡਿਆਲਾ ਗੁਰੂ, 24 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਅੱਜ ਸਰਕਾਰੀ ਹਾਈ ਸਕੂਲ, ਟਾਂਗਰਾ ਵਿਖੇ ਰਾੱਟਰੀ ਕਲੱਬ, ਅੰਮ੍ਰਿਤਸਰ ਵੱਲੋਂ ਪੌਦੇ ਲਗਾਏ ਗਏ। ਪੌਦੇ ਲਗਾਉਣ ਦੇ ਨਾਲ-ਨਾਲ ਰਾੱਟਰੀ ਕਲੱਬ ਦੇ ਮੈਂਬਰਾਂ ਦੁਆਰਾ ਬੱਚਿਆਂ ਨੂੰ ਨਾ ਸਿਰਫ ਪੌਦੇ ਲਾਉਣ ਅਤੇ ਸੰਭਾਲਣ ਲਈ ਪ੍ਰੇਰਿਤ ਕੀਤਾ ਬਲਕਿ ਉਨ੍ਹਾਂ ਨੂੰ ਨਿੱਜੀ ਅਤੇ ਦੇਸ਼ ਦੀ ਸਾਫ਼ -ਸਫਾਈ ਬਾਰੇ ਵੀ ਜਾਗਰੂਕ ਕੀਤਾ ਗਿਆ। ਇਸ ਮੌਕੇ ਤੇ ਉਨ੍ਹਾਂ ਵੱਲੋਂ ਬੱਚਿਆਂ ਨੂੰ ਸਰੀਰਕ ਸਫਾਈ ਸਬੰਧੀ ਸਮਾਨ ਵੀ ਟੋਕਨ ਦੇ ਤੌਰ ਤੇ ਦਿੱਤਾ ਗਿਆ। ਇਸ ਮੌਕੇ ਤੇ ਸਕੂਲ ਮੁਖੀ ਸ. ਬਲਬੀਰ ਸਿੰਘ ਵੱਲੋਂ ਆਏ ਹੋਏ ਮਹਿਮਾਨਾਂ ਡਾਕਟਰ ਅਰਪਿਤਾ ਕੌਂਸਲ, ਡਾਕਟਰ ਗਾਇਤ੍ਰੀ ਸੂਰ, ਡਾਕਟਰ ਸੂਰਜ ਸੂਰ, ਡਾਕਟਰ ਹਿਰਦਿਆ ਅਤੇ ਡਾਕਟਰ ਗੁਰਪੂਰਨ ਬਾਂਸਲ ਦਾ ਧੰਨਵਾਦ ਕੀਤਾ ਗਿਆ। ਇਸ ਦੇ ਨਾਲ ਹੀ ਸਾਰਿਆਂ ਵੱਲੋਂ ਵਾਤਾਵਰਨ ਨੂੰ ਬਚਾਉਣ ਅਤੇ ਸਾਫ਼ -ਸਫਾਈ ਰੱਖਣ ਦਾ ਪ੍ਰਣ ਵੀ ਲਿਆ ਗਿਆ। ਅੱਜ ਹੀ ਸਿੱਖਿਆ ਵਿਭਾਗ ਵੱਲੋਂ ਮਨਾਏ ਜਾਣ ਵਾਲੇ "ਸਿੱਖਿਆ ਸਪਤਾਹ" ਦੀ ਸ਼ੁਰੂਆਤ TLM day ਮਨਾਂ ਕੇ ਕੀਤੀ ਗਈ। ਇਸ ਮੌਕੇ ਤੇ ਸਕੂਲ ਸਟਾਫ਼ ਆਰਤੀ ਚੰਦਾ, ਨਵਜੋਤ ਕੌਰ, ਰਾਜ ਕੌਰ, ਰੂਹੀਪ੍ਰੀਤ ਕੌਰ, ਕੰਵਲਜੀਤ ਸਿੰਘ, ਪ੍ਰਭਦੀਪ ਕੌਰ, ਹਰਦੀਪ ਸਿੰਘ, ਸਰਬਜੀਤ ਕੌਰ, ਹਰਜੋਤ ਸਿੰਘ ਵੀ ਹਾਜ਼ਰ ਸਨ।

# ਗੁਰਦੁਆਰਾ ਰਾਮ ਦਾਸ ਪੁਰੀ ਵਿਚ ਲਗਾਏ ਫਲ ਤੇ ਛਾਂਦਾਰ ਰੁੱਖ : ਸੰਗਤਾਂ ਵਿਚ ਵੰਡੇ ਬੂਟੇ







**ਫ਼ਿਰੋਜ਼ਪੁਰ, 24 ਜੁਲਾਈ (ਮਨੋਹਰ ਲਾਲ)** :— ਵਾਤਾਵਰਣ ਨੂੰ ਸਾਫ ਸੁਥਰਾ ਅਤੇ ਪੰਜਾਬ ਨੂੰ ਹਰਿਆ ਭਰਿਆ ਬਣਾਉਣ ਲਈ ਜਿੱਥੇ ਸਰਕਾਰ ਵੱਲੋਂ ਵੱਡੀ ਪੱਧਰ ਤੇ ਉਪਰਾਲੇ ਕੀਤੇ ਜਾ ਰਹੇ ਹਨ, ਉਥੇ ਹੀ ਧਾਰਮਿਕ ਸੰਪਰਦਾਵਾਂ ਦੇ ਸੰਤ ਮਹਾਂਪੁਰਸ਼ਾਂ ਵੀ ਗੁਰਮਤਿ ਪ੍ਰਚਾਰ ਦੇ ਨਾਲ—ਨਾਲ ਹੁਣ ਵਾਤਾਵਰਨ ਦੀ ਸਾਂਭ—ਸੰਭਾਲ ਲਈ ਅੱਗੇ ਆਏ ਹਨ। ਆਉਣ ਵਾਲੀਆਂ ਪੀੜ੍ਹੀਆਂ ਲਈ ਸ਼ੁੱਧ ਤੇ ਹਰਿਆ—ਭਰਿਆ ਵਾਤਾਵਰਨ ਅਤੇ ਲਾਏ ਦਰੱਖਤਾਂ ਦੀ ਸਾਂਭ—ਸੰਭਾਲ ਦਾ ਸੰਦੇਸ਼ ਦਿੰਦਿਆਂ ਅੱਜ ਗੁਰਦੁਆਰਾ ਰਾਮਦਾਸ ਪੁਰੀ ਪਿੰਡ ਅਰਮਾਨਪੁਰਾ ਵਿਖੇ ਫਲ ਅਤੇ ਛਾਂਦਾਰ ਬੂਟੇ ਲਾਏ ਗਏ। ਇਸ ਮੌਕੇ ਗੁਰਦੁਆਰਾ ਰਾਮ ਦਾਸ ਪੁਰੀ ਪਿੰਡ ਅਰਮਾਨ ਪੂਰਾ ਦੇ ਮੁੱਖ ਸੇਵਾਦਾਰ ਭਗਤ ਬਾਬਾ ਮਿਲਖਾ ਸਿੰਘ ਵੱਲੋਂ ਸੰਗਤਾਂ ਨੂੰ ਬੂਟੇ ਵੰਡੇ ਗਏ ਅਤੇ ਇਨ੍ਹਾਂ ਬੂਟਿਆਂ ਦੀ ਸਾਂਭ—ਸੰਭਾਲ ਕਰਨ ਲਈ ਪ੍ਰੇਰਿਤ ਕੀਤਾ ਤਾਂ ਜ਼ੋ ਭਵਿੱਖ ਵਿਚ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਕੁਦਰਤ ਦੀ ਮਾਰ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਇਨ੍ਹਾਂ ਦਰੱਖਤਾਂ ਤੋਂ ਮੁਫਤ ਆਕਸੀਜਨ ਪ੍ਰਾਪਤ ਕਰ ਸਕਣ। ਇਸ ਮੌਕੇ ਭਗਤ ਬਾਬਾ ਮਿਲਖਾ ਸਿੰਘ ਵੱਲੋਂ ਗੁਰਦੁਆਰਾ ਸਾਹਿਬ ਦੇ ਆਸ—ਪਾਸ ਫਲਦਾਰ ਅਤੇ ਛਾਂ—ਦਾਰ ਬੂਟੇ ਲਗਾਏ ਗਏ। ਉਨ੍ਹਾਂ ਕਿਹਾ ਕਿ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਹਰ ਇਨਸਾਨ ਦਾ ਫਰਜ ਬਣਦਾ ਹੈ ਕਿ ਉਹ ਵੱਧ ਤੋਂ ਵੱਧ ਰੁੱਖ ਲਗਾਏ ਅਤੇ ਇੰਨ੍ਹਾਂ ਦੀ ਸਾਂਭ—ਸੰਭਾਲ ਕਰੇ। ਇਸ ਮੌਕੇ ਆਈਆਂ ਹੋਈਆਂ ਸੰਗਤਾਂ ਨੂੰ ਛਾਂਦਾਰ ਅਤੇ ਫਲਦਾਰ ਬੂਟੇ ਵਰਤਾਏ ਗਏ।

# ਸਾਬਕਾ ਸੈਨਿਕਾਂ ਦੀ ਹੋਈ ਇਕੱਤਰਤਾ



ਫ਼ਿਰੋਜ਼ਪੁਰ, 24 ਜੁਲਾਈ (ਮਨੋਹਰ ਲਾਲ) :— ਇੰਡੀਅਨ ਐਕਸ ਸਰਵਿਸਮੈਨ ਲੀਗ ਦੀ ਅੱਜ ਹੰਗਾਮੀ ਮੀਟਿੰਗ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਹੋਈ, ਜਿਥੇ ਵੱਡੀ ਗਿਣਤੀ ਵਿਚ ਸਾਬਕਾ ਸੈਨਿਕਾਂ ਨੇ ਸ਼ਿਰਕਤ ਕੀਤੀ। ਇਸ ਮੀਟਿੰਗ ਦੀ ਪ੍ਰਧਾਨਗੀ ਕੈਪਟਨ ਜਾਗੀਰ ਸਿੰਘ ਵੱਲੋਂ ਕੀਤੀ ਗਈ ਅਤੇ ਪਹਿਲੇ ਐਕਸ਼ ਸਰਵਿਸ ਮੈਂਨ ਲੀਗ ਬਾਰੇ ਜਾਣਕਾਰੀ ਸਾਂਝੀ ਕੀਤੀ, ਜਿਸ ਉਪਰੰਤ ਸਾਰੇ ਸਾਬਕਾ ਸੈਨਿਕਾਂ ਦੇ ਵਿਚਾਰ ਸੁਣੇ ਗਏ। ਇਸ ਮੀਟਿੰਗ ਵਿਚ ਸ਼ਾਮਲ ਹੋਣ ਵਾਲੇ ਮੈਂਬਰ ਸਾਬਕਾ ਕੈਪਟਨ ਜਾਗੀਰ ਸਿੰਘ, ਕੈਪਟਨ ਬਗੀਚਾ ਸਿੰਘ, ਕੈਪਟਨ ਹਰਦਿਆਲ ਸਿੰਘ ਭੁੱਲਰ, ਸੂਬੇਦਾਰ ਧੀਰਾ ਸਿੰਘ, ਸੂਬੇਦਾਰ ਜਾਗੀਰ ਸਿੰਘ, ਸੂਬੇਦਾਰ ਬਖਸ਼ੀਸ਼ ਸਿੰਘ, ਸੂਬੇਦਾਰ ਰਸ਼ਪਾਲ ਸਿੰਘ, ਸੂਬੇਦਾਰ ਮਲਕੀਤ ਸਿੰਘ, ਸੂਬੇਦਾਰ ਹੋਸ਼ਿਆਰ ਸਿੰਘ, ਸੂਬੇਦਾਰ ਸੁਖਵੰਤ ਸਿੰਘ, ਨੈਬ ਸੂਬੇਦਾਰ ਲਸ਼ਮਣ ਸਿੰਘ, ਨੈਬ ਸੂਬੇਦਾਰ ਜਰਨੈਲ ਸਿੰਘ, ਹਵਾਲਦਾਰ ਸੁਖਦੇਵ ਸਿੰਘ, ਹਵਾਲਦਾਰ ਰਤਨ ਸਿੰਘ ਜਨਰਲ ਸੈਕਟਰੀ ਹਾਜ਼ਰ ਹੋਏ। ਅੰਤ ਵਿਚ ਕੈਪਟਨ ਜਾਗੀਰ ਸਿੰਘ ਨੇ ਸਾਰੇ ਸਾਬਕਾ ਸੈਨਿਕਾਂ ਦਾ ਧੰਨਵਾਦ ਕੀਤਾ।

# ਦੀਵਾਲੀਆ ਹੋਣ ਦੀ ਕਗਾਰ ਤੇ ਪਹੁੰਚੀ ਦਿੱਲੀ ਕਮੇਟੀ ਦੇਣਦਾਰੀਆਂ ਦਾ ਦੇਵੇ ਹਿਸਾਬ: ਜਤਿੰਦਰ ਸਿੰਘ ਸੋਨੂੰ

ਨਵੀਂ ਦਿੱਲੀ 24 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪੰਥ ਦੀ ਇਕ ਮਾਣਮੱਤੀ ਤੇ ਨੁਮਾਇੰਦਾ ਸੰਸਥਾ ਹੈ । ਜਿਹੜੀ ਕਿ ਅੱਜ ਵਿੱਤੀ ਦੇਣਦਾਰੀਆਂ ਦੇ ਚੱਲਦਿਆਂ ਦੀਵਾਲੀਆ ਹੋਣ ਦੀ ਕਗਾਰ ਤੇ ਪਹੁੰਚ ਚੁੱਕੀ ਹੈ । ਇਸ ਲਈ ਹਰ ਦੂਜੇ ਦਿਨ ਪ੍ਰੈਸ ਕਾਨਫਰੰਸਾਂ ਕਰਕੇ ਹੋਰਾਂ ਤੇ ਚਿੱਕੜ ਸੁੱਟਣ ਦੀ ਬਜਾਏ ਇਸਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਇੱਕ ਪ੍ਰੈੱਸ ਕਾਨਫਰੰਸ ਕਮੇਟੀ ਦੀਆਂ 700 ਕਰੋੜ ਤੋਂ ਉੱਪਰ ਪਹੁੰਚ ਚੁੱਕੀਆਂ ਵਿੱਤੀ ਦੇਣਦਾਰੀਆਂ ਬਾਰੇ ਵੀ ਕਰਨ ਤੇ ਕੌਮ ਨੂੰ ਦੱਸਣ ਕਿ ਉਹਨਾਂ ਨੇ ਕਿੱਥੇ - ਕਿੱਥੇ ਤੇ ਕਿੰਨੇ ਪੈਸੇ ਦੇਣੇ ਹਨ । ਇਹਨਾਂ ਗੱਲ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਜਤਿੰਦਰ ਸਿੰਘ ਸੋਨੂੰ ਨੇ ਦਿੱਲੀ ਕਮੇਟੀ ਦੇ ਆਰਥਿਕ ਸੰਕਟ ਤੇ ਟਿੱਪਣੀ ਕਰਦਿਆਂ ਕਹੀ । ਜਤਿੰਦਰ ਸਿੰਘ ਸੋਨੂੰ ਨੇ ਕਿਹਾ ਕਿ, " ਕਮੇਟੀ 'ਚ ਇਹ ਨੌਬਤ ਤੱਕ ਆ ਗਈ ਹੈ ਕਿ ਘੱਟ ਸੰਗਤ ਹੋਣ ਦਾ ਬਹਾਨਾ ਬਣਾ ਕਿ 12 ਵਜੇ ਤੋਂ ਬਾਅਦ ਇਤਿਹਾਸਕ ਗੁਰਦੁਆਰਾ ਸਾਹਿਬਾਨਾਂ



ਵਿੱਚ ਏ.ਸੀ ਤੱਕ ਬੰਦ ਕਰ ਦਿੱਤੇ ਜਾਂਦੇ ਕੀ ਦਿੱਲੀ ਕਮੇਟੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਜ਼ਰਾ ਵੀ ਸਤਿਕਾਰ ਨਹੀਂ ਕੀ ਉਹਨਾਂ ਨੂੰ ਨਹੀਂ ਪਤਾ ਕਿ ਇਹ ਏ ਸੀ ਸਿਰਫ ਸੰਗਤ ਲਈ ਹੀ ਨਹੀਂ ਅਸੀ ਹਾਜ਼ਰ ਨਾਜ਼ਰ ਗੁਰੂ ਮੰਨ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲਈ ਵੀ ਲਗਾਉਂਦੇ ਹਾਂ " ਉਹਨਾਂ ਕਿਹਾ ਕਿ , " ਪਰ ਅਸਲ ਗੱਲ ਇਹ ਹੈ ਕਿ ਕਮੇਟੀ ਕੋਲ ਬਿਜਲੀ ਦੇ ਬਿੱਲ ਦੇਣ ਦੇ ਵੀ ਪੈਸੇ ਨਹੀ ਜਿਸ ਲਈ ਇਹੋ ਜਿਹੀਆਂ ਬੱਚਤਾਂ ਕਰਨ ਨੂੰ ਫਿਰਦੇ ਹਨ ਪਰ ਦੂਜੇ ਪਾਸੇ ਕਮੇਟੀ ਦੇ ਆਪਣੇ ਕੁਝ ਚਹੇਤੇ ਮੈਂਬਰਾਂ ਨੂੰ ਦਿੱਤੀਆਂ ਕਾਰਾਂ ਉਹਨਾਂ ਨੇ ਟੈਕਸੀ ਵਜੋਂ ਪਾ ਕੇ ਆਮਦਨ ਦਾ ਸਾਧਨ ਬਣਾਈਆਂ ਹੋਈਆਂ ਹਨ ਤੇ ਸੰਸਥਾਵਾਂ ਵਿੱਚੋਂ ਪੁਰਾਣੇ ਉਤਾਰੇ ਜਾਂਦੇ ਏ ਸੀ ਇਹਨਾਂ ਦੇ ਚਹੇਤੇ ਮੈਂਬਰ ਆਪਣੇ ਘਰਾਂ ਨੂੰ ਲੈ ਜਾ ਰਹੇ ਹਨ ।" ਜਤਿੰਦਰ ਸਿੰਘ ਸੋਨੂੰ ਨੇ ਕਿਹਾ ਕਿ , " ਇਸ ਲਈ ਕਮੇਟੀ ਦੇ ਪ੍ਰਬੰਧਕ ਪਹਿਲਾਂ ਆਪਣੇ ਅੰਦਰ ਝਾਕਣ ਤੇ ਕੌਮ ਨੂੰ ਕਮੇਟੀ ਦੇ ਵਿੱਤੀ ਸੰਕਟ ਦੀ ਸਹੀ ਰਿਪੋਰਟ ਪੇਸ਼ ਕਰਨ।"

ਧਰਤੀ ਦੇ ਤਾਪਮਾਨ ਨੂੰ ਠੱਲ ਪਾਉਣ ਲਈ

# ਵੱਧ ਤੋਂ ਵੱਧ ਲਗਾਓ ਬੂਟੇ - ਵਿੱਤ ਮੰਤਰੀ ਪੰਜਾਬ

ਜੰਡਿਆਲਾ ਗੁਰੂ 24 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਧਰਤੀ ਦਾ ਤਾਪਮਾਨ ਲਗਾਤਾਰ ਵੱਧ ਰਿਹਾ ਹੈ ਅਤੇ 48 ਡਿਗਰੀ ਸੇਲਸੀਅਸ ਤੋਂ 50 ਡਿਗਰੀ ਸੇਲਸੀਅਸ ਤੱਕ ਪਹੁੰਚ ਗਿਆ ਹੈ ਇਸ ਨੂੰ ਠੱਲ ਪਾਉਣ ਲਈ ਦਰੱਖਤ ਲਗਾਉਣੇ ਬਹੁਤ ਜਰੂਰੀ ਹਨ ਤਾਂ ਹੀ ਅਸੀਂ ਆਪਣੇ ਵਾਤਾਵਰਨ ਨੂੰ ਨਵੀਂ ਪੀੜ੍ਹੀ ਲਈ ਬਚਾ ਸਕਦੇ ਹਾਂ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਵਿੱਤ ਮੰਤਰੀ ਪੰਜਾਬ ਸ: ਹਰਪਾਲ ਸਿੰਘ ਚੀਮਾ ਨੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਿਟਡ ਦੇ 66 ਕੇ ਵੀ ਸਬ-ਸਟੇਸ਼ਨ ਮਾਨਾਂਵਾਲਾ ਵਿਖੇ ਵਾਤਾਵਰਣ ਦੀ ਸਾਂਭ ਸੰਭਾਲ ਲਈ ਬੂਟੇ ਲਗਾਉਣ ਉਪਰੰਤ ਕੀਤਾ। ਇਸ ਮੌਕੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਪੰਜਾਬ ਸ: ਹਰਭਜਨ ਸਿੰਘ ਈ ਟੀ ਓ ਨੇ ਕਿਹਾ ਕਿ ਦਰੱਖਤ ਲਗਾ ਕੇ ਹੀ ਮਨੁੱਖਤਾ ਨੂੰ ਬਚਾਇਆ ਜਾ ਸਕਦਾ ਹੈ ਅਤੇ ਵੱਧ ਰਹੇ ਤਾਪਮਾਨ ਨੂੰ ਕੰਟਰੋਲ ਕੀਤਾ ਜਾ ਸਕਦਾ ਹੈ। ਉਹਨਾਂ ਅੱਗੇ ਦੱਸਿਆ ਕਿ ਇਸੇ ਮੁਹਿੰਮ ਤਹਿਤ ਪੀ ਐਸ ਪੀ ਸੀ ਐਲ ਵੱਲੋ ਸਾਰੇ ਪੰਜਾਬ ਦੇ ਬਿਜਲੀ ਘਰਾ ਅੰਦਰ (ਪੀ ਐਸ ਪੀ ਸੀ ਐਲ ਅਤੇ ਪੀ ਐਸ ਟੀ ਸੀ ਐਲ) ਦੇ ਦਫਤਰਾ ਵਿਚ ਖਾਲੀ ਪਈ ਜਮੀਨ ਉਪਰ ਵੱਧ ਤੋ ਵੱਧ ਬੂਟੇ ਲਗਾਏ ਜਾਣਗੇ ਅਤੇ ਵਾਤਾਵਰਣ ਨੂੰ ਸ਼ੁੱਧ ਅਤੇ ਹਰਿਆ-ਭਰਿਆ ਬਣਾਇਆ ਜਾਵੇਗਾ। ਸ: ਈ.ਟੀ.ਓ ਨੇ ਕਿਹਾ ਕਿ ਕੇਵਲ ਬੂਟੇ ਲਗਾਉਣੇ ਹੀ ਜ਼ਰੂਰੀ ਨਹੀਂ ਬਲਕਿ ਉਨਾਂ ਦੀ ਦੇਖਭਾਲ ਕਰਨੀ ਵੀ ਅਤਿ ਜ਼ਰੂਰੀ ਹੈ। ਉਨਾਂ ਕਿਹਾ ਕਿ ਆਉਣ ਵਾਲੀ ਪੀੜ੍ਹੀ ਨੂੰ ਬਚਾਉਣ ਲਈ ਸਾਡਾ ਸਭ ਦਾ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਵਾਤਾਵਰਨ ਨੂੰ ਬਚਾਈਏ। ਉਨਾਂ ਕਿਹਾ ਕਿ ਸਾਡਾ ਵਾਤਾਵਰਨ ਦਿਨ ਪ੍ਰਤੀਦਿਨ ਖਰਾਬ ਹੁੰਦਾ ਜਾ ਰਿਹਾ ਹੈ ਅਤੇ ਅੱਜ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਕਿ ਨਵੇਂ ਪੌਦੇ ਲਗਾਉਣੇ, ਪਾਣੀ ਬਚਾਉਣਾ, ਪਲਾਸਟਿਕ ਵਸਤੂਆਂ ਦੀ ਘੱਟ ਤੋਂ ਘੱਟ ਪ੍ਰਯੋਗ ਕਰਨਾ ਸ਼ਾਮਲ ਹੈ। ਬਿਜਲੀ ਮੰਤਰੀ ਨੇ ਕਿਹਾ ਕਿ ਹਰੇਕ ਵਿਅਕਤੀ ਨੂੰ ਆਪਣੇ ਵਿੱਚ ਵਿੱਚ ਇਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ। ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦਾ ਉਦੇਸ਼ ਪੰਜਾਬ ਨੂੰ ਮੁੜ ਤੋਂ ਰੰਗਲਾ ਬਣਾਉਣਾ ਹੈ ਅਤੇ ਪੰਜਾਬ ਨੂੰ ਰੰਗਲਾ ਬਣਾਉਣ ਲਈ ਸਭ ਤੋਂ ਪਹਿਲਾਂ ਵਾਤਾਵਰਨ ਨੂੰ ਸ਼ੁੱਧ ਕਰਨਾ ਹੈ। ਉਨਾਂ ਕਿਹਾ ਕਿ ਹਰੇਕ ਪੰਜਾਬੀ ਦਾ ਫਰਜ਼ ਬਣਦਾ ਹੈ ਕਿ ਉਹ ਪੰਜਾਬ ਨੂੰ ਮੁੜ ਰੰਗਲਾ ਬਣਾਉਣ ਲਈ ਸਰਕਾਰ ਦਾ ਸਹਿਯੋਗ ਦੇਵੇ। ਉਨਾਂ ਨੇ ਇਸ ਕੰਮ ਲਈ ਬਿਜਲੀ ਮਹਿਕਮੇ ਦੇ ਅਧਿਕਾਰੀਆ/ਕਰਮਚਾਰੀਆ ਦੀ ਸ਼ਲਾਘਾ ਵੀ ਕੀਤੀ ਗਈ।






ਬਿਜਲੀ ਘਰਾਂ ਅੰਦਰ (ਪੀ ਐਸ ਪੀ ਸੀ ਐਲ ਅਤੇ ਪੀ ਐਸ ਟੀ ਸੀ ਐਲ) ਦੇ ਦਫਤਰਾਂ ਵਿਚ ਖਾਲੀ ਪਈ ਜਮੀਨ ਉਪਰ ਵੱਧ ਤੋ ਵੱਧ ਲਗਾਏ ਜਾਣਗੇ ਬੂਟੇ ਬਿਜਲੀ ਮੰਤਰੀ

ਇਸ ਮੌਕੇ ਇੰਜੀ:ਡੀ ਆਰ ਬੰਗੜ ਮੁੱਖ ਇੰਜੀਨੀਅਰ ਬਾਰਡਰ ਜੋਨ ਅੰਮ੍ਰਿਤਸਰ, ਇੰਜੀ: ਗੁਰਸ਼ਰਨ ਸਿੰਘ ਖਹਿਰਾ ਉਪ ਮੁੱਖ ਇੰਜੀਨੀਅਰ/ਸਬਅਰਬਨ ਹਲਕਾ ਅੰਮ੍ਰਿਤਸਰ, ਇੰਜੀ: ਗੁਰਮੱਖ ਸਿੰਘ, ਵਧੀਕ ਨਿਗਰਾਨ ਇੰਜੀਨੀਅਰ ਇੰਜੀ:/ਸੰਚਾਲਣ ਮੰਡਲ ਜੰਡਿਆਲਾ ਗੁਰੂ ਅਤੇ ਸਮੂਹ ਉਪ ਮੰਡਲ ਅਫਸਰ ਅਧੀਨ ਮੰਡਲ ਜੰਡਿਆਲਾ ਗੁਰੂ, ਜੇਈਜ/ ਮੰਡਲ ਦਫਤਰ ਦਾ ਸਮੂਹ ਸਟਾਫ ਹਾਜਰ ਸੀ। ਇਸ ਤੋ ਇਲਾਵਾ ਇਲਾਕਾ ਨਿਵਾਸੀਆ ਵੱਲੋ ਧੰਨਵਾਦ ਕਰਦੇ ਹੋਏ ਸ੍ਰੀ ਜਗਜੀਤ ਸਿੰਘ ਜੱਜ, ਸ੍ਰੀ ਹਰਪਾਲ ਸਿੰਘ ਚੋਹਾਨ, ਸ੍ਰੀ ਖਜਾਨ ਸਿੰਘ, ਸ੍ਰੀ ਹਰਭਜਨ ਸਿੰਘ ਪਿੰਡ ਨਵਾਕੋਟ, ਸ੍ਰੀ ਜਗਤਾਰ ਸਿੰਘ ਪਿੰਡ ਨਵਾਕੋਟ ਅਤੇ ਹੋਰ ਸਤਿਕਾਰਤ ਸ਼ਖਸ਼ੀਅਤਾਂ ਵੱਲੋ ਮੋਕੇ ਤੇ ਮੰਤਰੀ ਸਹਿਬ ਜੀ ਨੂੰ ਪੰਜਾਬ ਸਰਕਾਰ ਦੀ ਇਸ ਅਪੀਲ ਨੂੰ ਮੁੱਖ ਰੱਖਦੇ ਹੋਏ ਵੱਧ ਤੋ ਵੱਧ ਬੂਟੇ ਲਗਾਉਣ ਦਾ ਵਿਸ਼ਵਾਸ ਦਿਵਾਇਆ ਗਿਆ।

ਜਿਲਾ ਸਿੱਖਿਆ ਅਫਸਰ ਵੱਲੋ ਦਾਖਲਾ ਮੁਹਿੰਮ 'ਚ ਵਾਧੇ ਕਾਰਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਦੇ

# ਪ੍ਰਿੰਸੀਪਲ ਸ੍ਰੀਮਤੀ ਪੁਨੀਤ ਪੁਰੀ ਅਤੇ ਸਮੂਹ ਸਟਾਫ ਦਾ ਸਨਮਾਨ



**ਚੌਕ ਮਹਿਤਾ, 24 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਸਿੱਖਿਆ ਵਿਭਾਗ ਲਗਾਤਾਰ ਕੰਮ ਕਰ ਰਿਹਾ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ) ਸ਼੍ਰੀਮਤੀ ਦਲਜਿੰਦਰ ਕੌਰ ਵਿਰਕ (ਸਟੇਟ ਐਵਾਰਡੀ) ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਦਾ ਅਚਨਚੇਤ ਦੌਰਾ ਕੀਤਾ ਗਿਆ। ਨਰੀਖਣ ਦੇ ਦੌਰਾਨ ਜਿਲਾ ਸਿੱਖਿਆ ਅਫਸਰ ਸਾਹਿਬਾਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਅਤੇ ਸਟਾਫ਼ ਮੀਟਿੰਗ ਕੀਤੀ ਗਈ॥ ਮੀਟਿੰਗ ਦੇ ਦੌਰਾਨ ਜਿਲਾ ਸਿੱਖਿਆ ਅਫਸਰ ਵਲੋਂ ਸਮੂਹ ਸਟਾਫ਼ ਨੂੰ ਵਿਭਾਗ ਵੱਲੋਂ ਚਲਾਏ ਜਾ ਰਹੇ ਕੰਮਾਂ ਨੂੰ ਤਨਦੇਹੀ ਨਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ॥ ਸਕੂਲ ਦੇ ਸੁੰਦਰੀਕਰਣ ਲਈ ਮੈਡਮ ਨੇ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਪੁਨੀਤ ਪੁਰੀ ਅਤੇ ਸਮੂਹ ਸਟਾਫ਼ ਦੀ ਸ਼ਲਾਘਾ ਕੀਤੀ। ਡੀ.ਈ.ਓ ਮੈਡਮ ਦੀ ਰਹਿਨੁਮਾਈ ਵਿਚ ਇਨਰੋਲਮੈਂਟ ਮੁਹਿਮ 2024-25 ਦੌਰਾਨ ਸਕੂਲਾਂ ਵਿਚ ਵਿਦਿਆਰਥੀਆਂ ਦੀ ਗਿਣਤੀ ਵਿਚ ਬਹੁਤ ਵਾਧਾ ਹੋਇਆ ਹੈ। ਸਕੂਲ ਆਫ਼ ਐਮੀਨੈਨਸ ਦੇ ਵਿਚ ਵਿਦਿਆਰਥੀਆਂ ਦੀ ਗਿਣਤੀ ਵੀ ਬਹੁਤ ਜ਼ਿਆਦਾ ਵਧੀ ਹੈ। ਡੀ.ਈ.ਓ ਮੈਡਮ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਕਪੂਰਥਲਾ ਦੀ ਇਨਰੋਲਮੈਂਟ ਵਿਚ ਪਿਛਲੇ ਸਾਲ ਨਾਲੋਂ 13% ਵਾਧੇ ਲਈ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਨੂੰ ਪ੍ਰਸੰਸ਼ਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋ ਇਲਵਾ ਮੈਡਮ ਵਲੋ ਸਸਸਸ ਦਿਆਲਪੁਰ, ਸਸਸਸ ਛੰਨਾ ਸ਼ੇਰ ਸਿੰਘ ਵਾਲਾ, ਸਹਸ ਭਦਾਸ, ਸਸਸਸ ਲੱਖਣ ਕੇ ਪੱਡਾ ਅਤੇ ਸਸਸਸ ਭਵਾਨੀਪੁਰ ਦੇ ਸਮੂਹ ਪ੍ਰਿੰਸੀਪਲ, ਡੀ.ਪੀ., ਪੀ.ਟੀ. ਨਾਲ ਫੋਨ ਰਾਹੀ ਰਾਬਤਾ ਕੀਤਾ ਅਤੇ ਇਨਰੋਲਮੈਂਟ ਮੁਹਿੰਮ 2024-25 ਲਈ ਵਿਦਿਆਰਥੀਆਂ ਦੇ ਵੱਧ ਤੋਂ ਵੱਧ ਦਾਖਲੇ ਲਈ ਪ੍ਰੇਰਿਤ ਕੀਤਾ।

# ਸੁਖਬੀਰ ਸਿੰਘ ਬਾਦਲ ਤੇ ਹਰਜਿੰਦਰ ਸਿੰਘ ਧਾਮੀ ਸ਼੍ਰੀ ਅਕਾਲ ਤਖਤ ਸਾਹਿਬ ਤੇ ਨਿਮਾਣੇ ਸਿੱਖ ਵਜੋਂ ਹੋਏ ਪੇਸ਼, ਜਥੇਦਾਰ ਸਾਹਿਬ ਗੁਰਮਿਤ ਦੀ ਰੌਸ਼ਨੀ ਵਿੱਚ ਕੌਮ ਨੂੰ ਦੇਣ ਅਗਵਾਈ : ਸਰਨਾ



**ਨਵੀਂ ਦਿੱਲੀ 24 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:-ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਧਾਮੀ ਨੂੰ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੇਸ਼ ਹੋ ਕੇ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਸੀ । ਉਸਤੇ ਫੁੱਲ ਚੜ੍ਹਾਉਂਦੇ ਹੋਏ ਅੱਜ ਸ. ਸੁਖਬੀਰ ਸਿੰਘ ਬਾਦਲ ਤੇ ਸ. ਹਰਜਿੰਦਰ ਸਿੰਘ ਧਾਮੀ ਵੱਲੋਂ ਨਿਮਾਣੇ ਸਿੱਖ ਵਜੋਂ ਪੇਸ਼ ਹੋ ਕੇ ਸਪੱਸ਼ਟੀਕਰਨ ਦਿੱਤਾ ਗਿਆ । ਉਸਨੇ ਇੱਕ ਵਾਰ ਫੇਰ ਕੁੱਲ ਸੰਸਾਰ ਅੱਗੇ ਇਸ ਗੱਲ ਨੂੰ ਉਜਾਗਰ ਕੀਤਾ ਹੈ ਕਿ ਦੁਨੀਆਂ ਵਿੱਚ ਵੱਸਦੇ ਹਰ ਸਿੱਖ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਸਰਵ ਉੱਚ ਹੈ ਅਤੇ ਹਰ ਸਿੱਖ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੈ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਪ੍ਰੈਸ ਨੂੰ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਸਿੱਖਾਂ ਦਾ ਸਿਆਸੀ ਆਗੂ ਚਾਹੇ ਕੋਈ ਵੀ ਰਿਹਾ ਹੋਵੇ ਮਾਸਟਰ ਤਾਰਾ ਸਿੰਘ ਤੋਂ ਲੈ ਕੇ ਸ. ਸੁਖਬੀਰ ਸਿੰਘ ਬਾਦਲ ਤੱਕ ਅਕਾਲੀ ਦਲ ਦੇ ਹਰ ਪ੍ਰਧਾਨ ਨੂੰ ਜਦੋਂ ਵੀ ਆਦੇਸ਼ ਹੋਇਆ ਤਾਂ ਉਸਨੇ ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਸਮਰਪਣ ਕੀਤਾ ਹੈ ।

ਸ. ਸੁਖਬੀਰ ਸਿੰਘ ਬਾਦਲ ਤੇ ਸ. ਹਰਜਿੰਦਰ ਸਿੰਘ ਧਾਮੀ ਵੱਲੋਂ ਬਿਨਾ ਵੱਡੇ ਕਾਫਲੇ ਦੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੇਸ਼ ਹੋਣਾ ਵੀ ਇਕ ਚੰਗਾ ਉੱਦਮ ਹੈ ਕਿਉਂਕਿ ਨਹੀ ਤਾਂ ਅਕਸਰ ਇਹ ਦੇਖਣ ਵਿੱਚ ਆਇਆ ਹੈ ਕਿ ਬਹੁਤੇ ਆਗੂ ਆਪਣੀ ਧੌਂਸ ਜਮਾਉਣ ਲਈ ਵੱਡਾ ਲਾਮ ਲਸ਼ਕਰ ਲੈ ਕੇ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਆਉਂਦੇ ਰਹੇ ਹਨ ।

ਹੁਣ ਜਦੋਂ ਕੌਮ ਦੀਆਂ ਦੋਵੇਂ ਨੁਮਾਇੰਦਾ ਧਿਰਾਂ ਦੇ ਮੁੱਖ ਸੇਵਾਦਾਰਾਂ ਵੱਲੋਂ ਆਪਣੇ ਆਪਣੇ ਸਪੱਸ਼ਟੀਕਰਨ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੇਸ਼ ਕਰ ਦਿੱਤੇ ਗਏ ਹਨ ਤਾਂ ਆਸ ਕਰਦੇ ਹਾਂ ਕਿ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਬਾਕੀ ਜਥੇਦਾਰ ਸਾਹਿਬਾਨ ਇਹਨਾਂ ਸਪੱਸ਼ਟੀਕਰਨਾਂ ਨੂੰ ਗੁਰਮਿਤ ਦੀ ਰੌਸ਼ਨੀ ਵਿੱਚ ਵੀਚਾਰਦੇ ਹੋਏ ਕੌਮ ਨੂੰ ਅਗਵਾਈ ਦੇਣਗੇ ਅਤੇ ਜੋ ਇਸ ਵੇਲੇ ਕੌਮ ਵਿੱਚ ਹਾਲਤ ਬਣੇ ਹੋਏ ਹਨ । ਉਹਨਾਂ ਹਾਲਤਾਂ ਨੂੰ ਸ਼ਾਜਗਾਰ ਕਰਨ ਵਿੱਚ ਮੋਹਰੀ ਰੋਲ ਨਿਭਾਉਣਗੇ ਅਤੇ ਜੋ ਪੰਥ ਦੀਆਂ ਇਹਨਾਂ ਨੁਮਾਇੰਦਾ ਜਮਾਤਾਂ ਨੂੰ ਕਮਜ਼ੋਰ ਕਰਨ ਦੀਆਂ ਪੰਥ ਵਿਰੋਧੀ ਤਾਕਤਾਂ ਕੋਸ਼ਿਸ਼ ਕਰ ਰਹੀਆਂ ਹਨ । ਉਹਨਾਂ ਨੂੰ ਵੀ ਆਪਣੇ ਫੈਸਲੇ ਨਾਲ ਜਵਾਬ ਦੇਣਗੇ।

# ਸੁਖਬੀਰ ਸਿੰਘ ਬਾਦਲ ਦਾ ਸ੍ਰੀ ਅਕਾਲ ਤਖਤ ਸਾਹਿਬ ਦੇ ਸਨਮੁੱਖ ਪੇਸ ਹੋਕੇ ਸਪੱਸ਼ਟੀਕਰਨ ਦੇਣਾ ਸਲਾਘਾਯੋਗ : ਜਥੇਦਾਰ ਕਰਨੈਲ ਸਿੰਘ ਪੀਰਮੁਹੰਮਦ



**ਅੰਮ੍ਰਿਤਸਰ 24 ਜੁਲਾਈ (ਆਵਾਜ਼ਿ ਕੌਮ ਬਿਊਰੋ)**:-ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਧਾਮੀ ਨੂੰ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੇਸ਼ ਹੋ ਕੇ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਸੀ । ਉਸਤੇ ਫੁੱਲ ਚੜ੍ਹਾਉਂਦੇ ਹੋਏ ਅੱਜ ਸ. ਸੁਖਬੀਰ ਸਿੰਘ ਬਾਦਲ ਤੇ ਸ. ਹਰਜਿੰਦਰ ਸਿੰਘ ਧਾਮੀ ਵੱਲੋਂ ਨਿਮਾਣੇ ਸਿੱਖ ਵਜੋਂ ਪੇਸ਼ ਹੋ ਕੇ ਸਪੱਸ਼ਟੀਕਰਨ ਦਿੱਤਾ ਗਿਆ । ਇਸ ਦਾ ਸਵਾਗਤ ਕਰਦਿਆ ਸ੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਹੈ ਕਿ ਸਾਨੂੰ ਪੰਜ ਸਿੰਘ ਸਾਹਿਬਾਨ ਦੇ ਫੈਸਲੇ ਦਾ ਇੰਤਜ਼ਾਰ ਕਰਨਾ ਚਾਹੀਦਾ ਹੈ ਨਾ ਕਿ ਹੁਣ ਕਿਆਸ ਅਰਾਈਆ ਲਗਾਉਣੀਆ ਚਾਹੀਦੀਆ ਹਨ । ਸਿੱਖਾਂ ਦਾ ਸਿਆਸੀ ਆਗੂ ਚਾਹੇ ਕੋਈ ਵੀ ਰਿਹਾ ਹੋਵੇ ਮਹਾਰਾਜਾ ਰਣਜੀਤ ਸਿੰਘ ਗਿਆਨੀ ਜੈਲ ਸਿੰਘ ਬੂਟਾ ਸਿੰਘ ਸੁਰਜੀਤ ਸਿੰਘ ਬਰਨਾਲਾ ਲੈ ਕੇ ਸ. ਸੁਖਬੀਰ ਸਿੰਘ ਬਾਦਲ ਤੱਕ ਹਰੇਕ ਵੱਡੀ ਸਿੱਖ ਸਖਸ਼ੀਅਤ ਅਤੇ ਅਕਾਲੀ ਦਲ ਦੇ ਹਰ ਪ੍ਰਧਾਨ ਨੂੰ ਜਦੋਂ ਵੀ ਆਦੇਸ਼ ਹੋਇਆ ਤਾਂ ਉਸਨੇ ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਸਮਰਪਣ ਕੀਤਾ ਹੈ । ਹੁਣ ਜਦੋਂ ਕੌਮ ਦੀਆਂ ਦੋਵੇਂ ਨੁਮਾਇੰਦਾ ਧਿਰਾਂ ਦੇ ਮੁੱਖ ਸੇਵਾਦਾਰਾਂ ਵੱਲੋਂ ਆਪਣੇ ਆਪਣੇ ਸਪੱਸ਼ਟੀਕਰਨ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੇਸ਼ ਕਰ ਦਿੱਤੇ ਗਏ ਹਨ ਤਾਂ ਆਸ ਕਰਦੇ ਹਾਂ ਕਿ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਬਾਕੀ ਜਥੇਦਾਰ ਸਾਹਿਬਾਨ ਇਹਨਾਂ ਸਪੱਸ਼ਟੀਕਰਨਾਂ ਨੂੰ ਗੁਰਮਿਤ ਦੀ ਰੌਸ਼ਨੀ ਵਿੱਚ ਵੀਚਾਰਦੇ ਹੋਏ ਕੌਮ ਨੂੰ ਅਗਵਾਈ ਦੇਣਗੇ ਅਤੇ ਜੋ ਇਸ ਵੇਲੇ ਕੌਮ ਵਿੱਚ ਹਾਲਤ ਬਣੇ ਹੋਏ ਹਨ । ਉਹਨਾਂ ਹਾਲਤਾਂ ਨੂੰ ਸ਼ਾਜਗਾਰ ਕਰਨ ਵਿੱਚ ਮੋਹਰੀ ਰੋਲ ਨਿਭਾਉਣਗੇ ਅਤੇ ਜੋ ਪੰਥ ਦੀਆਂ ਇਹਨਾਂ ਨੁਮਾਇੰਦਾ ਜਮਾਤਾਂ ਨੂੰ ਕਮਜ਼ੋਰ ਕਰਨ ਦੀਆਂ ਪੰਥ ਵਿਰੋਧੀ ਤਾਕਤਾਂ ਕੋਸ਼ਿਸ਼ ਕਰ ਰਹੀਆਂ ਹਨ । ਉਹਨਾਂ ਨੂੰ ਵੀ ਆਪਣੇ ਫੈਸਲੇ ਨਾਲ ਜਵਾਬ ਦੇਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243